SWITCH INSURANCE
AUTO, HOME & COMMERCIAL
Commercial Vehicle Insurance
Commercial Property Insurance
Commercial General Liability (CGL)
Rental Property
905-965-7474
www.SwitchInsurance.ca
7900 Hurontario St Suite 308, Brampton, ON L6Y 0P6

ਕੈਨੇਡੀਅਨ
# ਪੰਜਾਬੀ ਪੋਸਟ
Award winning news paper | Canadian Punjabi Post

JOSHI LAW OFFICE
Barrister, Solicitor & Notary Public
Immigration
Real Estate
Commercial Law
Affidavit
Power of Attorney
Rakesh M. Joshi B.A., LL.B
info@joshilawoffice.com | joshilawoffice.com
416-213-8600
6921 Steels Ave. W. Unit 11, Etobicoke, ON

To view our online newspaper visit punjabipost.ca/epaper | Vol 22* Issue 213 | Wednesday, November 22, 2023 | Tel: 905-793-2202 | Fax: 905-793-2282 | news@punjabipost.ca ਤੁਸੀਂ 'ਪੰਜਾਬੀ ਪੋਸਟ' Onlineਰੋਜ਼ਾਨਾ ਪੜ੍ਹ ਸਕਦੇ ਹੋ

## ਏਅਰ ਕੈਨੇਡਾ ਦੇ ਜਹਾਜ਼ ਨੂੰ ਕਰਨੀ ਪਈ ਐਮਰਜੰਸੀ ਲੈਂਡਿੰਗ



ਵੈਨਕੂਵਰ, 21 ਨਵੰਬਰ (ਪੋਸਟ ਬਿਊਰੋ) : ਮੰਗਲਵਾਰ ਸਵੇਰੇ ਵੈਨਕੂਵਰ ਇੰਟਰਨੈਸ਼ਨਲ ਏਅਰਪੋਰਟ ਉੱਤੇ ਐਡਮੰਟਨ ਦੀ ਇੱਕ ਫਲਾਈਟ ਨੂੰ ਐਮਰਜੰਸੀ ਲੈਂਡਿੰਗ ਕਰਨੀ ਪਈ।

ਵਾਈਵੀਆਰ ਦੇ ਤਰਜ਼ਮਾਨ ਨੇ ਇੱਕ ਈਮੇਲ ਵਿੱਚ ਆਖਿਆ ਕਿ ਸਵੇਰੇ 8:00 ਵਜੇ ਏਸੀ 235 ਨੇ ਐਮਰਜੰਸੀ ਲੈਂਡਿੰਗ ਲਈ ਬੇਨਤੀ ਕੀਤੀ। ਬਿਆਨ ਵਿੱਚ ਆਖਿਆ ਗਿਆ ਕਿ ਜਹਾਜ਼ ਸੁਰੱਖਿਅਤ ਢੰਗ ਨਾਲ ਲੈਂਡ ਕਰ ਗਿਆ। ਵਾਈਵੀਆਰ ਫਾਇਰ ਤੇ ਰੈਸਕਿਊ ਵੱਲੋਂ ਤੁਰੰਤ ਮੌਕੇ ਉੱਤੇ ਪਹੁੰਚ ਕੇ ਜਹਾਜ਼ ਨੂੰ ਸੁਰੱਖਿਅਤ ਥਾਂ ਉੱਤੇ ਪਹੁੰਚਾਇਆ ਗਿਆ ਜਿੱਥੇ ਸਾਰੇ ਯਾਤਰੀ ਜਹਾਜ਼ ਤੋਂ ਸਹੀ ਸਲਾਮਤ ਉਤਰਨ ਵਿੱਚ ਕਾਮਯਾਬ ਰਹੇ।

ਜਹਾਜ਼ ਵਿੱਚ ਵੱਧ ਦਬਾਅ ਬਣਨ ਕਾਰਨ ਇਹ ਦਿੱਕਤ ਆਈ ਤੇ ਪਾਇਲਟਸ ਵੱਲੋਂ ਤੁਰੰਤ ਲੈਂਡਿੰਗ ਦੀ ਬੇਨਤੀ ਕੀਤੀ ਗਈ। ਬਿਆਨ ਵਿੱਚ ਇਹ ਵੀ ਦੱਸਿਆ ਗਿਆ ਕਿ ਆਕਸੀਜ਼ਨ ਮਾਸਕ ਲਾਉਣ ਦੀ ਲੋੜ ਨਹੀਂ ਪਈ ਤੇ ਕੋਈ ਵੀ ਵਿਅਕਤੀ ਜ਼ਖ਼ਮੀ ਨਹੀਂ ਹੋਇਆ। ਜਹਾਜ਼ ਦੀ ਜਾਂਚ ਕੀਤੀ ਜਾ ਰਹੀ ਹੈ ਕਿ ਇਹ ਗੜਬੜ ਕਿਉਂ ਹੋਈ।

## ਹੂਤੀ ਬਾਗੀਆਂ ਨੇ ਤੁਰਕੀ ਤੋਂ ਭਾਰਤ ਆ ਰਹੇ ਜਹਾਜ਼ ਨੂੰ ਕੀਤਾ ਹਾਈਜੈਕ, ਹੈਲੀਕਾਪਟਰ ਰਾਹੀਂ ਕਾਰਗੋ ਜਹਾਜ਼ ਅਗਵਾ ਕਰਨ ਦਾ ਵੀਡੀਓ ਕੀਤਾ ਜਾਰੀ



ਤਲਅਵੀਵ, 21 ਨਵੰਬਰ (ਪੋਸਟ ਬਿਊਰੋ): ਇਜ਼ਰਾਈਲ-ਹਮਾਸ ਯੁੱਧ ਦੇ ਵਿਚਕਾਰ, ਹੂਤੀ ਬਾਗੀਆਂ ਨੇ ਐਤਵਾਰ ਦੇਰ ਸ਼ਾਮ ਲਾਲ ਸਾਗਰ ਤੋਂ ਇੱਕ ਕਾਰਗੋ ਜਹਾਜ਼ ਗਲੈਕਸੀ ਲੀਡਰ ਨੂੰ ਹਾਈਜੈਕ ਕਰ ਲਿਆ। ਇਸ ਤੋਂ ਇਕ ਦਿਨ ਬਾਅਦ, ਮਤਲਬ ਸੋਮਵਾਰ ਦੇਰ ਸ਼ਾਮ, ਹੂਤੀ ਨੇ ਜਹਾਜ਼ ਅਗਵਾ ਕਰਨ ਦਾ 2 ਮਿੰਟ ਦਾ ਵੀਡੀਓ ਸਾਂਝਾ ਕੀਤਾ। ਇਸ ਵੀਡੀਓ ਵਿਚ ਹੂਤੀ ਲੜਾਕੇ ਹੈਲੀਕਾਪਟਰ ਤੋਂ ਜਹਾਜ਼ 'ਤੇ ਛਾਲ ਮਾਰਦੇ ਦਿਖਾਈ ਦੇ ਰਹੇ ਹਨ। ਉਨ੍ਹਾਂ ਦੇ ਹੱਥਾਂ ਵਿੱਚ ਬੰਦੂਕਾਂ ਨਜ਼ਰ ਆ ਰਹੀਆਂ ਹਨ।

ਇਹ ਜਹਾਜ਼ ਤੁਰਕੀ ਤੋਂ ਭਾਰਤ ਆ ਰਿਹਾ ਸੀ। ਹੂਤੀ ਬਾਗੀਆਂ ਨੇ ਇਸ ਨੂੰ ਇਜ਼ਰਾਈਲੀ ਜਹਾਜ਼ ਸਮਝ ਕੇ ਹਾਈਜੈਕ ਕਰ ਲਿਆ ਸੀ। ਹਾਲਾਂਕਿ, ਇਜ਼ਰਾਈਲ ਦੇ ਪ੍ਰਧਾਨ ਮੰਤਰੀ ਬੈਂਜਾਮਿਨ ਨੇਤਨਯਾਹੂ ਨੇ ਬਾਅਦ ਵਿੱਚ ਹੂਤੀ ਬਾਗੀਆਂ ਦੇ ਇਸ ਦਾਅਵੇ ਦਾ ਖੰਡਨ ਕੀਤਾ ਕਿ ਅਗਵਾ ਕੀਤਾ ਜਹਾਜ਼ ਉਨ੍ਹਾਂ ਦਾ ਸੀ।

ਜਿਸ ਹੈਲੀਕਾਪਟਰ ਤੋਂ ਹੂਤੀ ਬਾਗੀ ਜਹਾਜ਼ 'ਤੇ ਛਾਲ ਮਾਰਦੇ ਹਨ, ਉਸ 'ਤੇ ਫਲਸਤੀਨੀ ਝੰਡਾ ਹੈ। ਲੜਾਕੂਆਂ ਨੂੰ ਜਹਾਜ਼ 'ਤੇ ਉਤਾਰਨ ਤੋਂ ਬਾਅਦ ਹੈਲੀਕਾਪਟਰ ਤੁਰੰਤ ਉਥੋਂ ਰਵਾਨਾ ਹੋ ਜਾਂਦਾ ਹੈ।

ਜਦੋਂ ਹੂਤੀ ਲੜਾਕੇ ਜਹਾਜ਼ 'ਤੇ ਉਤਰੇ ਤਾਂ ਉਸ ਸਮੇਂ ਜਹਾਜ਼ ਦਾ ਕੋਈ ਗਾਰਡ ਜਾਂ ਕੋਈ ਚਾਲਕ ਦਲ ਮੌਜੂਦ ਨਹੀਂ ਸੀ। ਹੂਤੀ ਲੜਾਕੇ ਕਾਰਗੋ ਜਹਾਜ਼ 'ਤੇ ਉਤਰਨ ਤੋਂ ਬਾਅਦ ਅਤੇ ਹਵਾ ਵਿਚ ਫਾਇਰ ਕਰਨ ਤੋਂ ਬਾਅਦ ਆਪਣੀ ਸਥਿਤੀ ਸੰਭਾਲ ਲੈਂਦੇ ਹਨ। ਇਸ ਸਮੇਂ ਵੀ ਕੋਈ ਜਹਾਜ਼ ਨਹੀਂ ਛੱਡਦਾ। ਇਸ ਤੋਂ ਬਾਅਦ, ਹੂਤੀ ਜਹਾਜ਼ ਦੇ ਸੰਚਾਲਨ ਖੇਤਰ ਦਾ ਦਰਵਾਜ਼ਾ ਖੋਲ੍ਹਦੇ ਹਨ ਅਤੇ ਉੱਥੇ ਮੌਜੂਦ ਚਾਲਕ ਦਲ ਨੂੰ ਆਪਣੀਆਂ ਬੰਦੂਕਾਂ ਨਾਲ ਡਰਾਉਂਦੇ ਹੋਏ ਇੱਕ ਪਾਸੇ ਜਾਣ ਲਈ ਕਹਿੰਦੇ ਹਨ।

## ਵਾਅਦਿਆਂ ਨੂੰ ਪੂਰਾ ਕਰਨ ਵਾਲੇ ਕੈਨੇਡਾ ਦਾ ਨਿਰਮਾਣ ਕਰਨਾ ਸਾਡਾ ਮੁੱਖ ਟੀਚਾ : ਫਰੀਲੈਂਡ



ਓਟਵਾ, 21 ਨਵੰਬਰ (ਪੋਸਟ ਬਿਊਰੋ) : ਲਿਬਰਲ ਸਰਕਾਰ ਵੱਲੋਂ ਪੇਸ਼ ਕੀਤੀ ਗਈ ਫਾਲ ਇਕਨੌਮਿਕ ਸਟੇਟਮੈਂਟ ਵਿੱਚ ਇਹ ਸਵੀਕਾਰ ਕੀਤਾ ਗਿਆ ਹੈ ਕਿ ਕੌਸਟ ਆਫ ਲਿਵਿੰਗ ਕੈਨੇਡੀਅਨਜ਼ ਲਈ ਵੱਡਾ ਬੋਝ ਬਣ ਚੁੱਕੀ ਹੈ ਪਰ ਇਸ ਦੇ ਨਾਲ ਹੀ ਘਾਟੇ ਨੂੰ ਕੰਟਰੋਲ ਵਿੱਚ ਰੱਖਣ ਦੇ ਨਾਲ ਨਾਲ ਲਿਬਰਲਾਂ ਨੇ ਮਹਿੰਗਾਈ ਨਾਲ ਨਜਿੱਠਣ ਲਈ ਕੁੱਝ ਨਵੇਂ ਮਾਪਦੰਡ ਵੀ ਪੇਸ਼ ਕੀਤੇ ਹਨ।

ਮੰਗਲਵਾਰ ਨੂੰ ਵਿੱਤ ਮੰਤਰੀ ਕ੍ਰਿਸਟੀਆ ਫਰੀਲੈਂਡ ਨੇ ਆਪਣੀ ਵਿੱਤੀ ਅਪਡੇਟ ਹਾਊਸ ਆਫ ਕਾਮਨਜ਼ ਵਿੱਚ ਪੇਸ਼ ਕੀਤੀ। ਉਨ੍ਹਾਂ ਇਹ ਵੀ ਆਖਿਆ ਕਿ ਕਿਸ ਤਰ੍ਹਾਂ ਇਹ ਮਹਿੰਗਾਈ ਤੇ ਮੱਠੀ ਪੈ ਰਹੀ ਅਰਥਚਾਰੇ ਦੀ ਰਫਤਾਰ ਫੈਡਰਲ ਬਜਟ ਉੱਤੇ ਬੋਝ ਪਾ ਰਹੀਆਂ ਹਨ। ਫਰੀਲੈਂਡ ਨੇ ਆਖਿਆ ਕਿ ਉਨ੍ਹਾਂ ਵੱਲੋਂ ਘਾਟੇ ਨੂੰ ਕੁੱਲ ਘਰੇਲੂ ਉਤਪਾਦ (ਜੀਡੀਪੀ) ਦੇ ਇੱਕ ਫੀ ਸਦੀ ਨਾਲੋਂ ਵੀ ਹੇਠਾਂ ਰੱਖਿਆ ਜਾਵੇਗਾ। ਲਿਬਰਲ ਮੌਜੂਦਾ ਵਿੱਤੀ ਵਰ੍ਹੇ ਦੇ ਘਾਟੇ ਨੂੰ ਬਸੰਤ ਵਿੱਚ ਪੇਸ਼ ਕੀਤੇ ਆਪਣੇ ਬਜਟ ਵਿੱਚ ਕੀਤੀ ਗਈ ਪੇਸ਼ੀਨਿਗੋਈ ਤੋਂ ਹੇਠਾਂ ਰੱਖਣਾ ਚਾਹੁੰਦੇ ਹਨ ਤੇ 2024-25 ਵਿੱਚ ਜੀਡੀਪੀ ਦੇ ਮੁਕਾਬਲੇ ਵੀ ਘਾਟੇ ਨੂੰ ਘੱਟ ਰੱਖਣਾ ਚਾਹੁੰਦੇ ਹਨ।

*ਇਹ ਵੀ ਮੰਨਿਆ ਜਾ ਰਿਹਾ ਹੈ ਕਿ ਇਹ ਨਵੀਂ ਵਿੱਤੀ ਅਪਡੇਟ ਇਸ ਲਈ ਆਈ ਹੈ ਕਿਉਂਕਿ ਇੱਕ ਤਾਂ ਫੈਡਰਲ ਚੋਣਾਂ ਵਿੱਚ ਦੋ ਸਾਲ ਦਾ ਸਮਾਂ ਰਹਿ ਗਿਆ ਹੈ ਤੇ ਦੂਜੇ ਪਾਸੇ ਹਵਾ ਦਾ ਰੁਖ ਇਸ ਸਮੇਂ ਕੰਜ਼ਰਵੇਟਿਵਾਂ ਵੱਲ ਹੈ। ਮੰਗਲਵਾਰ ਨੂੰ ਹਾਊਸ ਆਫ ਕਾਮਨਜ਼ ਵਿੱਚ ਦਿੱਤੇ ਆਪਣੇ ਭਾਸ਼ਣ ਵਿੱਚ ਫਰੀਲੈਂਡ ਨੇ ਆਖਿਆ ਕਿ ਵਾਅਦਿਆਂ ਨੂੰ ਪੂਰਾ ਕਰਨ ਵਾਲੇ ਕੈਨੇਡਾ ਦਾ ਨਿਰਮਾਣ ਅਗਲੇ ਦੋ ਸਾਲਾਂ ਤੇ ਉਸ ਤੋਂ ਵੀ ਅਗਾਂਹ ਲਈ ਸਾਡਾ ਮੁੱਖ ਟੀਚਾ ਹੋਵੇਗਾ। ਸਾਡੇ ਲਈ ਇਹ ਭਾਵੇਂ ਮੁਸ਼ਕਲ ਸਮਾਂ ਚੱਲ ਰਿਹਾ ਹੈ ਪਰ ਅਸੀਂ ਰਲ ਕੇ ਇਸ ਵਿੱਚੋਂ ਬਾਹਰ ਆਵਾਂਗੇ।*

ਹਾਊਸਿੰਗ ਦੇ ਮਾਮਲੇ ਵਿੱਚ ਫੈਡਰਲ ਸਰਕਾਰ ਲੋਅ ਕੌਸਟ ਲੋਨਜ਼ ਲਈ 15 ਬਿਲੀਅਨ ਡਾਲਰ ਡਿਵੈਲਪਰਜ਼ ਲਈ ਰੱਖੇਗੀ ਤੇ ਨਾਲ ਹੀ ਅਫੋਰਡੇਬਲ ਹਾਊਸਿੰਗ ਲਈ ਇੱਕ ਬਿਲੀਅਨ ਡਾਲਰ ਰੱਖਿਆ ਜਾਵੇਗਾ। ਰੈਂਟਲ ਡਿਵੈਲਪਮੈਂਟਸ ਤੋਂ ਜੀਐਸਟੀ ਚਾਰਜਿਜ਼ ਹਟਾਏ ਜਾਣਗੇ ਤੇ ਕੋ-ਆਪ ਰੈਂਟਲ ਹਾਊਸਿੰਗ ਨੂੰ ਇਸ ਵਿੱਚ ਸ਼ਾਮਲ ਕੀਤਾ ਜਾਵੇਗਾ।

ਇਸ ਦੌਰਾਨ ਫਰੀਲੈਂਡ ਨੇ ਆਖਿਆ ਕਿ ਅਗਲੇ ਪੰਜ ਸਾਲਾਂ ਵਿੱਚ 20.8 ਬਿਲੀਅਨ ਡਾਲਰ ਦੇ ਨਵੇਂ ਖਰਚੇ ਕੀਤੇ ਜਾਣਗੇ। ਇਸ ਵਿੱਚ ਰੈਂਟਲ ਯੂਨਿਟਸ ਤੇ ਕਿਫਾਇਤੀ ਹਾਊਸਿੰਗ ਸਮੇਤ ਹਾਊਸਿੰਗ ਸਪਲਾਈ ਨੂੰ ਹੱਲਾਸ਼ੇਰੀ ਦੇਣ ਲਈ ਨਵੇਂ ਮਾਪਦੰਡ ਅਪਣਾਏ ਜਾਣਗੇ। ਪਰ ਬਹੁਤੇ ਨਵੇਂ ਖਰਚੇ ਉਨ੍ਹਾਂ ਨੀਤੀਆਂ ਤੇ ਪ੍ਰੋਗਰਾਮਾਂ ਨਾਲ ਹੀ ਜੁੜੇ ਹੋਏ ਹੋਣਗੇ ਜਿਨ੍ਹਾਂ ਬਾਰੇ ਫੈਡਰਲ ਸਰਕਾਰ ਆਪਣੀ ਇਸ ਫਾਲ ਇਕਨੌਮਿਕ ਸਟੇਟਮੈਂਟ ਤੋਂ ਪਹਿਲਾਂ ਹੀ ਐਲਾਨ ਕਰ ਚੁੱਕੀ ਹੈ। ਇਨ੍ਹਾਂ ਵਿੱਚ ਇਲੈਕਟ੍ਰਿਕ ਵ੍ਹੀਕਲ ਬੈਟਰੀ ਪਲਾਂਟਸ ਲਈ ਵੀ ਕਈ ਬਿਲੀਅਨ ਡਾਲਰ ਸ਼ਾਮਲ ਹਨ।

## ਕੈਲਡਨ ਵਿੱਚ ਚੱਲੀ ਗੋਲੀ, ਇੱਕ ਹਲਾਕ 2 ਜ਼ਖ਼ਮੀ



ਬਰੈਂਪਟਨ, 21 ਨਵੰਬਰ (ਪੋਸਟ ਬਿਊਰੋ) : ਸੋਮਵਾਰ ਰਾਤ ਨੂੰ ਕੈਲਡਨ ਤੇ ਬਰੈਂਪਟਨ ਦੀ ਸਰਹੱਦ ਨੇੜੇ ਚੱਲੀ ਗੋਲੀ ਕਾਰਨ ਇੱਕ ਵਿਅਕਤੀ ਦੀ ਮੌਤ ਹੋ ਗਈ ਤੇ ਦੋ ਮਹਿਲਾਵਾਂ ਹਸਪਤਾਲ ਵਿੱਚ ਜ਼ਿੰਦਗੀ ਤੇ ਮੌਤ ਦੀ ਲੜਾਈ ਲੜ ਰਹੀਆਂ ਹਨ।

ਗੋਲੀ ਚੱਲਣ ਦੀ ਖਬਰ ਦੇ ਕੇ ਰਾਤੀਂ 11:30 ਦੇ ਨੇੜੇ ਤੇੜੇ ਏਅਰਪੋਰਟ ਰੋਡ ਦੇ ਪੂਰਬ ਵੱਲ ਮੇਅਫੀਲਡ ਰੋਡ ਉੱਤੇ ਸਥਿਤ ਇੱਕ ਘਰ ਵਿੱਚ ਐਮਰਜੰਸੀ ਅਮਲੇ ਨੂੰ ਸੱਦਿਆ ਗਿਆ। ਪੈਰਾਮੈਡਿਕਸ ਵੱਲੋਂ ਇਸ ਗੱਲ ਦੀ ਪੁਸ਼ਟੀ ਕੀਤੀ ਗਈ ਕਿ ਮੌਕੇ ਉੱਤੇ ਇੱਕ ਵਿਅਕਤੀ ਦੀ ਮੌਤ ਹੋ ਗਈ ਤੇ ਦੋ ਮਹਿਲਾਵਾਂ ਨੂੰ ਗੰਭੀਰ ਹਾਲਤ ਵਿੱਚ ਹਸਪਤਾਲ ਲਿਜਾਇਆ ਗਿਆ। ਕਿਸੇ ਵੀ ਮਸ਼ਕੂਕ ਸਬੰਧੀ ਕੋਈ ਜਾਣਕਾਰੀ ਅਜੇ ਤੱਕ ਜਾਰੀ ਨਹੀਂ ਕੀਤੀ ਗਈ ਹੈ। ਪੁਲਿਸ ਨੇ ਦੱਸਿਆ ਕਿ ਜਨਤਾ ਦੀ ਸੇਫਟੀ ਨੂੰ ਕੋਈ ਖ਼ਤਰਾ ਨਹੀਂ ਹੈ।

*ਕੈਲਡਨ ਓਪੀਪੀ ਵੱਲੋਂ ਜਾਰੀ ਕੀਤੀ ਗਈ ਰਲੀਜ਼ ਵਿੱਚ ਆਖਿਆ ਗਿਆ ਕਿ ਅਜੇ ਜਾਂਚ ਆਪਣੇ ਮੁੱਢਲੇ ਪੜਾਅ ਵਿੱਚ ਹੈ ਤੇ ਇਸ ਸਮੇਂ ਕੋਈ ਹੋਰ ਵੇਰਵੇ ਜਾਰੀ ਨਹੀਂ ਕੀਤੇ ਜਾ ਸਕਦੇ। ਇਸ ਮਾਮਲੇ ਵਿੱਚ ਕਿਸੇ ਵੀ ਤਰ੍ਹਾਂ ਦੀ ਜਾਣਕਾਰੀ ਰੱਖਣ ਵਾਲੇ ਨੂੰ ਕੈਲਡਨ ਓਪੀਪੀ ਨਾਲ ਸੰਪਰਕ ਕਰਨ ਲਈ ਆਖਿਆ ਗਿਆ ਹੈ।*

## ਛੁਰੇਬਾਜ਼ੀ ਦੇ ਮਾਮਲੇ ਵਿੱਚ 2 ਮਸ਼ਕੂਕਾਂ ਦੀ ਭਾਲ ਕਰ ਰਹੀ ਹੈ

ਟੋਰਾਂਟੋ, 21 ਨਵੰਬਰ (ਪੋਸਟ ਬਿਊਰੋ) : ਮੰਗਲਵਾਰ ਰਾਤ ਨੂੰ ਰੈਕਸਡੇਲ ਵਿੱਚ ਵਾਪਰੀ ਛੁਰੇਬਾਜ਼ੀ ਦੀ ਘਟਨਾ ਤੋਂ ਬਾਅਦ ਟੋਰਾਂਟੋ ਪੁਲਿਸ ਦੋ ਮਸ਼ਕੂਕਾਂ ਦੀ ਭਾਲ ਕਰ ਰਹੀ ਹੈ। ਇਹ ਘਟਨਾ ਕਿਪਲਿੰਗ ਐਵਨਿਊ ਤੇ ਬਰ੍ਹਕਮੀਅਰ ਰੋਡ ਏਰੀਆ ਵਿੱਚ ਸ਼ਾਮੀਂ 7:00 ਵਜੇ ਤੋਂ ਬਾਅਦ ਵਾਪਰੀ। ਪੁਲਿਸ ਅਧਿਕਾਰੀਆਂ ਨੂੰ ਇੱਕ ਵਿਅਕਤੀ ਛੁਰੇਬਾਜ਼ੀ ਕਾਰਨ ਜ਼ਖ਼ਮੀ ਹਾਲਤ ਵਿੱਚ ਮਿਲਿਆ। ਉਸ ਨੂੰ ਇਲਾਜ ਲਈ ਹਸਪਤਾਲ ਲਿਜਾਇਆ ਗਿਆ। ਘਟਨਾ ਨੂੰ ਅੰਜਾਮ ਦੇਣ ਵਾਲੇ ਦੋ ਮਸ਼ਕੂਕ ਅਜੇ ਵੀ ਫਰਾਰ ਹਨ।

NOW HIRING !!!
ALLKIND INSURANCE
•Life Insurance •Super Visa Insurance
•Critical illness Ins •Mortgage Insurance
•Travel & Visitor Ins •Disability Insurance
•RESP & TFSA & RRSP •Funeral Insurance
SIMRAN SAINI
416.994.7272
www.allkindinsurance.com

Law Office of Aman Sharma
- Real Estate - Commercial Lease
- Business Purchase & Sale
- Notarizations & Affidavits
- Wills & Power Of Attorney
Fax: 905-913-2344 Tel: 905-913-2355
25 Cherrycrest Drive, Unit # 6 Brampton, ON, L6P 3W4
Aman Sharma
Open Saturday
Providing excellent quality legal services to our clients

MagGas Medical Brampton
MGM MAGGAS MEDICAL INC.
Helping you breathe deep and rest easy.
•CPAP machines, masks and supplies
•Free consultations
•30 day mask exchange
•Free deliveries
(647) 954-9885
20 Maritime Ont Blvd Unit 15
Brampton, ON L6S 0C2

Allstate. You're in good hands.
Insurance
Shawn Budwal
Allstate Sales Agent
Waterdown Agency
94 Dundas Street East, Unit 3
289-678-4024
sbudwal@allstate.ca
*Trademark used under licence by Allstate Insurance Company. 232374 | 6-23

PEST PROBLEM ?
Residential & Commercial
100% Customer Satisfaction
All Pest Control
MICE, COCKROACH, BEDBUG & ALL COMMON BUGS
AFFORDABLE & RELIABLE
647.990.3205
Residential, Commercial
www.ksgpestcontrol.ca
ksgpestcontrol@gmail.com
KSG Pest Control Inc.
Amarjeet Singh Gill

INSURANCE
Home Auto
Business Trucking
Life Insurance Commercial
647-206-2452
Sukhwinder K Singh
CONNEX 7050A Bramalea Rd, Unit # 13, Mississauga, ON L5S 1T1

AUTO & HOME INSURANCE
Super visa Insurance
Life & Disability
Critical illness
RESP
Visitor & Travel insurance
(416-845-1352)
Manwinder Mangat Broker
Aaxel InsuranceBrokers Ltd.
1332 Khalsa Dr, Unit # 11,

SUPER VISA INSURANCE EXPERTS
Punjab Insurance Inc
Disability Insurance
Mortgage Insurance
Life Insurance
Visitor & Travel Insurance
RESP(Education Plan)
Critical Illness Insurance
RANJIT GILL Insurance Advisor
Ph: 416.724.5000
7003 Steeles Ave. W, Unit 10, Etobicoke, ON, M9W 0A2
gill@punjabinsurance.ca topinsuranceservices.ca

Royal Pest Control
Residential Commercial Industrial
Specialist in Bedbugs Service
All Pest Control :
Mouse & Rats • Spiders & Fleas • Bedbugs • Wasps
• Cockroaches • Carpenter Ants • Silver Fish • Racoons
Call : PARESH PATEL
416 938 4598

HELPING YOU PLAN TODAY...FOR TOMORROW
• Supervisa / Visitor Insurance
• Life /Mortgage/Funeral Insurance
• Disability Insurance
• Critical Illness Insurance
• RESP /RRSP
www.ufsinsurance.com
JATINDERBIR S BAJWA Insurance Broker
Dir:647-928-4990
# 25-831 Bovaird Dr. W. Brampton, ON L6X0T9 | www.ufsinsurance.com

Canada Consumer Credit Assistance ਕਰਜ਼ਾ ਰਹਿਤ ਜ਼ਿੰਦਗੀ ਜੀਓ
• ਪਾਵਰ ਆਫ ਸੇਲ ਨੋਟਿਸ ?
• ਗਾਰਨਿਸ਼ਮੈਂਟ?
• ਬੈਂਕ ਵਲੋਂ ਪੈਸੇ ਦੀ ਮੰਗ ?
• ਰੈਵਨਿਊ ਕੈਨੇਡਾ ਵਲੋਂ ਟੈਕਸ ਦੀ ਮੰਗ ?
ਕੁਲੈਕਸ਼ਨ ਕਾਲਾਂ, ਬੈਂਕ ਕਰਪਸੀ ਅਤੇ ਕਰਜ਼ੇ ਤੋਂ ਪੱਕਾ ਛੁਟਕਾਰਾ ਪਾ ਕੇ ਆਪਣਾ ਕਰੈਡਿਟ ਦੁਬਾਰਾ ਬਨਾਉਣ ਲਈ
ਹੁਣੇ ਹੀ ਕਾਲ ਕਰੋ
75% ਤੱਕ ਆਪਣਾ ਕਰਜ਼ਾ ਮਾਫ ਕਰਾਓ, ਬਹੁਤ ਆਸਾਨ ਕਿਸ਼ਤਾਂ ਬਿਨਾ ਵਿਆਜ ਤੋਂ
ਕਰਜ਼ੇ ਦੀ ਸਿਰਦਰਦੀ ?
ਮੁਫਤ ਅਤੇ ਗੁਪਤ ਸਲਾਹ ਲਈ ਅੱਜ ਹੀ ਜਸਬੀਰ ਹੁੰਦਲ ਨੂੰ ਕਾਲ ਕਰੋ
Late Evening and Weekends Appointments Available 1888 864 3131
Jasbir Singh Hundal Qualified Credit Counsellor
www.MakeMeDebtFree.ca 416-502-3100
Unit #20 - 7015 Tranmere Drive Mississauga, ON L5S 1T7

KELLEY LAW OFFICE
Immigration Real Estate
Family Law Business Closing
Corporate Wills & Estate
Power of Attorney/Affidavit /Attestations
www.kelleylawoffice.ca | info@kelleylawoffice.ca
1200 Derry Road E, #15, Mississauga, ON L5T 0B3
Shinder Kelley
905-362-0755

CN Forklift Training Center
Counterbalance Walkie pallet Electric Motor Cherry Order Picker
License $69 Toll Free: 1 855 230 0001
7033 Telford Way, Unit #4, Mississauga, ON L5S 1V4
When You Need Re certified License & Training First Call to us
Cell: 416 726 6206 Tel: 905 405 0001
NC Dhawan Certified Instructor

PROTECT YOUR HOME FROM PESTS
Pest Control
Low Rates/Excellent
100% Success rate for bed bug Treatment Pest Control Services
Free Home Inspection Call Today
Ranjit Sidhu Certified & Licenced Exterminator
BED BUG MATTRESS COVER ALSO AVAILABLE
Cell: 647.668.3944 | Office: 905.455.0648
info@atozpestcontroltoronto.com | www.atozpestcontroltoronto.com

Mortgage! We Will Beat Any Rate !!!
*Each Mortgage Center Office is Independently Owned & Operated
Purchase || Refinance || Major Banks /Credit Unions || Private Lenders || Second Mortgages-Lowest 6.99 %
Cell: 416-841-4218 Tel: 905-216-5563
The Mortgage Centre
AvonFinancial Inc.
Harpreet Singh Goraya
831 Bovaird Dr. West, Unit 25, Brampton, ON L6X 0T9 Fax : 905-216-0392

MANN LAW FIRM
• Real Estate Law • Business Law
• Wills & Estates • Family Law
• Power of Attorney • Civil Litigation
• Affidavits Notarization / Declaration
Maninder S. Mann B.A. (Hons.), LLB
BARRISTER SOLICITOR NOTARY
Address: 2130 North Park Dr. Suite 246 Brampton, ON L6S 0C9
T: 905 799 9333
www.mannlawfirm.ca

# ਰਾਹੁਲ ਗਾਂਧੀ ਨੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੂੰ ਪਨੌਤੀ ਕਿਹਾ: ਚੰਗਾ ਭਲਾ ਵਿਸ਼ਵ ਕੱਪ ਜਿੱਤ ਰਹੇ ਸੀ, ਹਰਵਾਅ ਦਿੱਤਾ



ਉਦੈਪੁਰ, 21 ਨਵੰਬਰ (ਪੋਸਟ ਬਿਊਰੋ): ਰਾਹੁਲ ਗਾਂਧੀ ਨੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੂੰ ਪਨੌਤੀ ਕਿਹਾ ਹੈ। ਉਨ੍ਹਾਂ ਕਿਹਾ ਕਿ 'ਪੀਐਮ ਦਾ ਮਤਲਬ ਪਨੌਤੀ ਮੋਦੀ।' ਚੰਗਾ ਭਲਾ ਲੜਕੇ ਵਿਸ਼ਵ ਕੱਪ ਜਿੱਤ ਰਹੇ ਸੀ, ਉਨ੍ਹਾਂ ਨੂੰ ਹਰਵਾਅ ਦਿੱਤਾ ਇਹ ਅਲੱਗ ਗੱਲ ਹੈ। ਮੰਗਲਵਾਰ 21 ਨਵੰਬਰ ਨੂੰ ਰਾਹੁਲ ਗਾਂਧੀ ਨੇ ਬਾੜਮੇਰ ਦੇ ਬਾਯਤੂ ਅਤੇ ਉਦੈਪੁਰ ਦੇ ਵੱਲਭਨਗਰ ਵਿਚ ਰੈਲੀਆਂ ਨੂੰ ਸੰਬੋਧਿਤ ਕੀਤਾ।

ਉਨ੍ਹਾਂ ਕਿਹਾ ਕਿ ਮੋਦੀ ਦਾ ਕੰਮ ਤੁਹਾਡਾ ਧਿਆਨ ਭਟਕਾਉਣਾ ਹੈ। ਅਡਾਨੀ ਦਾ ਕੰਮ ਤੁਹਾਡੀ ਜੇਬ ਕੱਟਣਾ ਹੈ। ਦੋਵੇਂ ਆਉਂਦੇ ਹਨ, ਇੱਕ ਟੀਵੀ 'ਤੇ ਆਉਂਦਾ ਹੈ। ਉਹ ਤੁਹਾਨੂੰ ਹਿੰਦੂ-ਮੁਸਲਿਮ ਕਹੇਗਾ, ਕਦੇ ਕ੍ਰਿਕਟ ਮੈਚ ਦੇਖਣ ਚਲਾ ਜਾਵੇਗਾ।

ਰਾਹੁਲ ਨੇ ਕਿਹਾ ਕਿ ਇਕ ਸਾਲ ਪਹਿਲਾਂ ਅਸੀਂ ਕੰਨਿਆਕੁਮਾਰੀ ਤੋਂ ਕਸ਼ਮੀਰ ਦੀ ਯਾਤਰਾ ਕੀਤੀ ਸੀ। ਲੱਖਾਂ ਲੋਕਾਂ ਨਾਲ 4500 ਕਿਲੋਮੀਟਰ ਪੈਦਲ ਚੱਲ ਕੇ ਕਸ਼ਮੀਰ ਪਹੁੰਚੇ। ਮੀਂਹ, ਤੂਫ਼ਾਨ, ਬਰਫ਼ ਵਿੱਚ ਚੱਲੇ। ਇਸ ਦਾ ਉਦੇਸ਼ ਭਾਰਤ ਨੂੰ ਇਕਜੁੱਟ ਕਰਨਾ ਸੀ। ਅਸੀਂ ਮਹਿਸੂਸ ਕੀਤਾ ਕਿ ਭਾਜਪਾ ਦੇਸ਼ ਵਿੱਚ ਨਫ਼ਰਤ ਫੈਲਾਅ ਰਹੀ ਹੈ। ਹਿੰਸਾ ਫੈਲਾਅ ਰਹੀ ਹੈ। ਇਹ ਇੱਕ ਜਾਤੀ ਦੇ ਲੋਕਾਂ ਨੂੰ ਦੂਜੀ ਜਾਤੀ ਨਾਲ ਅਤੇ ਇੱਕ ਧਰਮ ਦੇ ਲੋਕਾਂ ਨੂੰ ਦੂਜੇ ਧਰਮ ਦੇ ਲੋਕਾਂ ਨਾਲ ਲੜਾ ਰਹੀ ਹੈ। ਇਸੇ ਲਈ ਅਸੀਂ ਭਾਰਤ ਜੋੜੋ ਯਾਤਰਾ ਸ਼ੁਰੂ ਕੀਤੀ।

ਉਹ ਨਫ਼ਰਤ ਅਤੇ ਹਿੰਸਾ ਕਿਉਂ ਫੈਲਾਉਂਦੇ ਹਨ ਅਤੇ ਉਨ੍ਹਾਂ ਨੂੰ ਕੀ ਲਾਭ ਮਿਲਦਾ ਹੈ? ਮੈਂ ਅੱਜ ਇਸ ਨੂੰ ਸਮਝਾਉਣ ਆਇਆ ਹਾਂ। ਜਦੋਂ ਦੋ ਜੇਬਕਤਰੇ ਕਿਸੇ ਦੀ ਜੇਬ ਕੱਟਣਾ ਚਾਹੁੰਦੇ ਹਨ ਤਾਂ ਕੀ ਕਰਦੇ ਹਨ? ਉਹ ਧਿਆਨ ਭਟਕਾਉਣ ਦਾ ਕੰਮ ਕਰਦੇ ਹਨ। ਇੱਕ ਆ ਕੇ ਤੁਹਾਡੇ ਨਾਲ ਗੱਲਾਂ ਕਰਦਾ ਹੈ ਅਤੇ ਦੂਜਾ ਪਿੱਛੇ ਤੋਂ ਆ ਕੇ ਤੁਹਾਡੀ ਜੇਬ ਕੱਟ ਕੇ ਲੈ ਜਾਂਦਾ ਹੈ। ਰੈਲੀ ਦੌਰਾਨ ਰਾਹੁਲ ਗਾਂਧੀ ਨੇ ਭਾਰਤ ਵਿੱਚ ਸਭ ਤੋਂ ਵੱਡੇ ਮੁੱਦਿਆਂ ਜਿਵੇਂ ਬੇਰੁਜ਼ਗਾਰੀ, ਗਰੀਬੀ ਅਤੇ ਮਹਿੰਗਾਈ ਬਾਰੇ ਲੋਕਾਂ ਨਾਲ ਗੱਲ ਕੀਤੀ।

# ਜੰਗ ਦੌਰਾਨ ਇਜ਼ਰਾਈਲ ਵਿਚ ਸ਼ਰਾਬ ਅਤੇ ਮਠਿਆਈਆਂ ਦੀ ਵਿਕਰੀ ਵਿੱਚ ਵਾਧਾ

## ਵਾਈਨ ਦੀ ਵਿਕਰੀ 100 ਫੀਸਦੀ ਵਧੀ ਅਤੇ ਬੀਅਰ ਦੀ ਵਿਕਰੀ 40 ਫੀਸਦੀ ਵਧੀ



ਤਲਅਵੀਵ, 21 ਨਵੰਬਰ (ਪੋਸਟ ਬਿਊਰੋ): ਇਜ਼ਰਾਈਲ ਅਤੇ ਹਮਾਸ ਵਿਚਾਲੇ ਚੱਲ ਰਹੀ ਜੰਗ ਦੇ ਵਿਚਕਾਰ ਇਜ਼ਰਾਈਲ ਤੋਂ ਹੈਰਾਨ ਕਰਨ ਵਾਲੀ ਖਬਰ ਸਾਹਮਣੇ ਆਈ ਹੈ। ਸ਼ਰਾਬ, ਬੀਅਰ ਅਤੇ ਵਾਈਨ ਵਰਗੀਆਂ ਅਲਕੋਹਲ ਵਸਤੂਆਂ ਦੀ ਵਿਕਰੀ ਵਿੱਚ ਜ਼ਬਰਦਸਤ ਵਾਧਾ ਹੋਇਆ ਹੈ।

ਇਸ ਤੋਂ ਇਲਾਵਾ ਕੂਕੀਜ਼ ਦੀ ਵਿਕਰੀ ਵਿੱਚ 50% ਅਤੇ ਬੇਕਰੀ ਉਤਪਾਦਾਂ ਦੀ ਵਿਕਰੀ ਵਿੱਚ ਵੀ 33% ਦਾ ਵਾਧਾ ਹੋਇਆ ਹੈ। ਮੰਗ ਅਤੇ ਵਿਕਰੀ ਨਾਲ ਜੁੜੇ ਇਹ ਅੰਕੜੇ 'ਜੇਰੂਸ਼ਲਮ ਪੋਸਟ' ਦੁਆਰਾ ਪ੍ਰਕਾਸ਼ਤਿ ਕੀਤੇ ਗਏ ਹਨ। ਅਖਬਾਰ ਨੇ ਇਹ ਡਾਟਾ ਇਜ਼ਰਾਈਲ ਦੀ ਮਸ਼ਹੂਰ ਫੂਡ ਡਿਲੀਵਰੀ ਕੰਪਨੀ ਯੈਂਗੋ ਡੇਲੀ ਤੋਂ ਲਿਆ ਹੈ।

ਰਿਪੋਰਟ ਅਨੁਸਾਰ ਵਾਈਨ ਦੀ ਮੰਗ ਸਭ ਤੋਂ ਵੱਧ ਵਧੀ ਹੈ ਅਤੇ ਇਸ ਕਾਰਨ ਵਿਕਰੀ ਦੁੱਗਣੀ ਹੋ ਗਈ ਹੈ। ਆਸਾਨ ਤਰੀਕੇ ਨਾਲ ਸਮਝੋ ਕਿ ਵਾਈਨ ਦੀ ਵਿਕਰੀ 100% ਵਧ ਗਈ ਹੈ। ਬੀਅਰ ਦੀ ਵਿਕਰੀ ਵਿੱਚ 40% ਦਾ ਵਾਧਾ ਹੋਇਆ ਹੈ।

ਸ਼ਰਾਬ ਤੋਂ ਇਲਾਵਾ ਬੇਕਰੀ ਆਈਟਮਾਂ ਅਤੇ ਸਨੈਕਸ ਦੀ ਵਿਕਰੀ ਵੀ ਕਾਫੀ ਵਧੀ ਹੈ। ਕੂਕੀਜ਼ ਉਤਪਾਦਾਂ ਦੀ ਵਿਕਰੀ ਵਿੱਚ 50% ਵਾਧਾ ਹੋਇਆ ਹੈ। ਇਸ ਤੋਂ ਇਲਾਵਾ ਬੇਕਰੀ ਆਈਟਮਾਂ ਦੀ ਵਿਕਰੀ 'ਚ 33 ਫੀਸਦੀ ਦਾ ਵਾਧਾ ਹੋਇਆ ਹੈ।


ਇਨ੍ਹਾਂ ਸਾਰੀਆਂ ਚੀਜ਼ਾਂ ਤੋਂ ਇਲਾਵਾ ਕੁਝ ਹੋਰ ਉਤਪਾਦਾਂ ਦੀ ਵਿਕਰੀ ਵੀ ਵਧੀ ਹੈ। ਰਿਪੋਰਟ ਮੁਤਾਬਕ ਸੋਡਾ ਅਤੇ ਐਨਰਜੀ ਡਰਿੰਕਸ ਦੀ ਮੰਗ ਵਧੀ ਹੈ। ਬਾਂਬਾ, ਆਲੂ ਚਿਪਸ ਅਤੇ ਖੀਰੇ ਦੇ ਮਿਸ਼ਰਣ ਵਰਗੇ ਪ੍ਰਸਿੱਧ ਸਨੈਕਸ ਦੀ ਵਿਕਰੀ ਵਿੱਚ ਦਸ ਪ੍ਰਤੀਸ਼ਤ ਤੋਂ ਵੱਧ ਦਾ ਵਾਧਾ ਹੋਇਆ ਹੈ।

## ਅੱਜ ਨਾਮਾ >>

ਅਮਰੀਕਾ ਵਿੱਚ ਆ ਚੋਣ ਦਾ ਜ਼ੋਰ ਲੱਗਾ,
ਭੁੱਲ ਗਿਆ ਜਾਪਦਾਸਾਰਾ ਸੰਸਾਰ ਬੇਲੀ।
ਲੋਕੀਂ ਭੁੱਲੇ ਇਸਰਾਈਲ ਕੀ ਕਰੀ ਜਾਂਦਾ,
ਕਿੰਨੇ ਕੁ ਲੋਕ ਦੇਂਦਾ ਏ ਰੋਜ਼ ਮਾਰ ਬੇਲੀ।
ਯੂਕਰੇਨ ਜੰਗ ਦੀਖਾਸ ਨਾ ਗੱਲ ਸੁਣਦੀ,
ਲੱਗਦੀ ਦਿੱਸਦੀ ਆਰ ਨਹੀਂ ਪਾਰ ਬੇਲੀ।
ਕੋਈ ਨਾ ਪੁੱਛੇ ਇੰਗਲੈਂਡ ਵੱਲ ਕੀ ਹੁੰਦਾ,
ਦਾਅ'ਤੇ ਲੱਗੀ ਆਪਈ ਸਰਕਾਰ ਬੇਲੀ।
ਇੱਕੋ ਈ ਗੱਲ ਦੇ ਵੰਨੀਂ ਧਿਆਨ ਸਭ ਦਾ,
ਕੀਹਦਾ ਹੋਊਗਾ ਕੀਹਦੇ ਨਾਲ ਭੇੜ ਬੇਲੀ।
ਬਾਬਿਆਂ ਦੋਂਹ ਦੀ ਦਿੱਸੇ ਕਿ ਹੋਊ ਟੱਕਰ,
ਚਾਰ ਕੁ ਵਰ੍ਹੇ ਪਿੱਛੋਂ ਉਹ ਹੀ ਗੇੜ ਬੇਲੀ।

**ਤੀਸ ਮਾਰ ਖਾਂ**

# ਮਨੀਸ਼ ਸਿਸੋਦੀਆ ਦੀ ਨਿਆਂਇਕ ਹਿਰਾਸਤ ਵਿੱਚ 21 ਦਿਨ ਦਾ ਵਾਧਾ, ਅਗਲੀ ਸੁਣਵਾਈ 24 ਨਵੰਬਰ ਨੂੰ



ਨਵੀਂ ਦਿੱਲੀ, 21 ਨਵੰਬਰ (ਪੋਸਟ ਬਿਊਰੋ): ਸ਼ਰਾਬ ਘੁਟਾਲੇ ਵਿੱਚ ਦਿੱਲੀ ਦੇ ਸਾਬਕਾ ਉਪ ਮੁੱਖ ਮੰਤਰੀ ਮਨੀਸ਼ ਸਿਸੋਦੀਆ ਦੀ ਨਿਆਂਇਕ ਹਿਰਾਸਤ 11 ਦਸੰਬਰ ਤੱਕ ਵਧਾ ਦਿੱਤੀ ਗਈ ਹੈ। ਈਡੀ ਵਲੋਂ ਦਰਜ ਕੀਤੇ ਗਏ ਮਨੀ ਲਾਂਡਰਿੰਗ ਮਾਮਲੇ 'ਤੇ ਮੰਗਲਵਾਰ ਨੂੰ ਦਿੱਲੀ ਦੀ ਰਾਉਜ ਐਵੇਨਿਊ ਕੋਰਟ ਵਿਚ ਸੁਣਵਾਈ ਹੋਈ। ਅਦਾਲਤ ਨੇ ਜਾਂਚ ਏਜੰਸੀ ਨੂੰ ਸਾਰੇ ਦਸਤਾਵੇਜ਼ ਪੇਸ਼ ਕਰਨ ਦੇ ਨਿਰਦੇਸ਼ ਦਿੱਤੇ ਹਨ।

ਅਦਾਲਤ ਨੇ ਕਿਹਾ ਕਿ ਈਡੀ ਨੇ ਹਾਲੇ ਮੁਲਜ਼ਮਾਂ ਦੇ ਕੁਝ ਦਸਤਾਵੇਜ਼ ਪੇਸ਼ ਕਰਨੇ ਹਨ। ਇਸ ਲਈ ਅਦਾਲਤ ਨੇ ਈਡੀ ਨੂੰ 24 ਨਵੰਬਰ ਤੱਕ ਦਾ ਸਮਾਂ ਦਿੱਤਾ ਹੈ। ਅਗਲੀ ਸੁਣਵਾਈ ਵੀ ਉਸੇ ਦਿਨ ਹੋਵੇਗੀ। ਵਕੀਲਾਂ ਨਾਲ ਨਰਾਜ਼ਗੀ ਜ਼ਾਹਿਰ ਕਰਦਿਆਂ ਅਦਾਲਤ ਨੇ ਕਿਹਾ ਕਿ ਸੀ.ਆਰ.ਪੀ.ਸੀ. ਦੀ ਧਾਰਾ 207 ਦੀ ਪਾਲਣਾ ਕੀਤੀ ਜਾਣੀ ਚਾਹੀਦੀ ਹੈ ਤਾਂ ਜੋ ਜਲਦੀ ਤੋਂ ਜਲਦੀ ਸੁਣਵਾਈ ਸ਼ੁਰੂ ਕੀਤੀ ਜਾ ਸਕੇ।

'ਆਪ' ਨੇਤਾ ਸਿਸੋਦੀਆ 'ਤੇ ਦਿੱਲੀ ਦੀ ਸ਼ਰਾਬ ਪਾਲਿਸੀ ਵਿਚ ਭ੍ਰਿਸ਼ਟਾਚਾਰ ਅਤੇ ਮਨੀ ਲਾਂਡਰਿੰਗ ਦੇ ਦੋਸ਼ ਹਨ। ਸਿਸੋਦੀਆ ਨੂੰ ਇਸ ਸਾਲ 26 ਫਰਵਰੀ ਨੂੰ ਗ੍ਰਿਫਤਾਰ ਕੀਤਾ ਗਿਆ ਸੀ। 269 ਦਿਨਾਂ ਤੋਂ ਜੇਲ੍ਹ ਵਿਚ ਬੰਦ ਸਿਸੋਦੀਆ ਨੇ ਹੇਠਲੀ ਅਦਾਲਤ ਤੋਂ ਲੈ ਕੇ ਸੁਪਰੀਮ ਕੋਰਟ ਤੱਕ ਜ਼ਮਾਨਤ ਪਟੀਸ਼ਨਾਂ ਦਾਇਰ ਕੀਤੀਆਂ ਹਨ, ਪਰ ਅਦਾਲਤਾਂ ਨੇ ਸਾਰੀਆਂ ਪਟੀਸ਼ਨਾਂ ਨੂੰ ਰੱਦ ਕਰ ਦਿੱਤਾ ਹੈ।

ਇਸ ਤੋਂ ਇਲਾਵਾ ਅਦਾਲਤ 24 ਨਵੰਬਰ ਨੂੰ ਇਕ ਹੋਰ ਦੋਸ਼ੀ ਬਿਨਾਯ ਬਾਬੂ ਦੀ ਅੰਤਰਿਮ ਜ਼ਮਾਨਤ ਪਟੀਸ਼ਨ 'ਤੇ ਵੀ ਸੁਣਵਾਈ ਕਰੇਗੀ। ਬਿਨਯ ਇੱਕ ਸ਼ਰਾਬ ਕੰਪਨੀ ਵਿੱਚ ਜਨਰਲ ਮੈਨੇਜਰ ਵਜੋਂ ਕੰਮ ਕਰਦਾ ਸੀ। ਈਡੀ ਨੇ ਉਸ ਨੂੰ ਪਿਛਲੇ ਸਾਲ ਨਵੰਬਰ ਵਿੱਚ ਦਿੱਲੀ ਸ਼ਰਾਬ ਘੁਟਾਲੇ ਦੇ ਮਾਮਲੇ ਵਿੱਚ ਗ੍ਰਿਫ਼ਤਾਰ ਕੀਤਾ ਸੀ।

REXDALE FINANCIAL SERVICES
WE HELP YOU START, GROW AND SUCCEED
We bring Canada's leading lenders to you
The Mortgage Centre
I direct mortgages Inc.
21 Roysun Rd, #6, Woodbridge, ON L4L 8R3
Ph: 905.652.3000 ext 467 | 905.652.300 ext 468
Each Mortgage center is independently owned and operated
Call now: 416.674.8035 | 416.674.7050 or Fax: 416.674.9009
ਮਿਲ ਰਹੇ ਘੱਟ ਵਿਆਜ ਦਰਾਂ ਦਾ ਫਾਇਦਾ ਚੱਕੋ ਅਤੇ ਹਜ਼ਾਰਾਂ ਹੀ ਡਾਲਰ ਬਚਾਓ!
• DEBT CONSOLIDATION • HOME EQUITY
• LOANS • HOME RENOVATION
• WANT TO GET OUT OF CREDIT CARD DEBT
ਜਿਆਦਾ ਕਰਜਾ ਦੇ ਕੇ ਥੱਕ ਚੁੱਕੇ ਹੋ? ਆਪਣਾ ਕਰਜਾਂ ਚੁਕਾਓ!!!
ਬੈਂਕ ਨੇ ਕਰ ਦਿੱਤੀ 'ਨਾਂਹ', ਅਸੀਂ ਕਰਾਂਗੇ 'ਹਾਂ'
Increase Your Cash Flow by up to 50%
MORTGAGES SUITABLE FOR EVERY NEED!
1st & 2nd Mortgage Available
ALL IN ONE LOW MONTHLY PAYMENT!
YOU NEED A MORTGAGE? WE'LL ARANGE IT FOR YOU NO MATTER WHAT YOUR REASON IS!
Self Employed or Unemployed
Each Mortgage Centre is independently owned and operated
19 Woodbine Downs Blvd, #201, Etobicoke, ON M9W 6N5
Jaspal Singh Gahunia #M08006400
416.677.0047

TAX & ACCOUNTING
TAX | HST REBATE | ADVISORY |
ACCOUNTING | INCORPORATION |
BUSINESS LOAN | PERSONAL TAX
Harcharan S. Grover
Chartered Accountant
ਸਾਨੂੰ ਕਾਲ ਕਰੋ ਤੇ ਆਪਣਾ ਟੈਕਸ ਬਚਾਓ
Call for Professional Advice
905.247.0193
info@grovercpa.ca
GroVerCPA Professional Corporation
214-7895 Tranmere Drive, Mississauga ON L5S 1V9

NATURAL HEALTH SOLUTIONS
Over 20 years Homeopathic/Holistic ways case solving experience
HOMEOPATHY / HOLISTIC ਵਿਧੀ ਰਾਹੀਂ ਬਿਮਾਰੀਆਂ ਦਾ ਇਲਾਜ ਕਰਨ ਦਾ 20 ਸਾਲ ਤੋਂ ਵੱਧ ਦਾ ਤਜੁਰਬਾ।
ABDOMINAL, METABOLIC, SKIN ਅਤੇ ਬੱਚਿਆਂ ਨਾਲ ਸੰਬੰਧਿਤ ਬਿਮਾਰੀਆਂ ਜਿਵੇਂ ਕੇ ਭੁੱਖ ਨਾ ਲੱਗਣਾ ਅਤੇ PSYCOLOGICAL ਸੱਮਸਿਆਵਾਂ ਨੂੰ ਠੀਕ ਕਰਨ ਦਾ ਤਜੁਰਬਾ।
ਜੇਕਰ ਕਿਤੋਂ ਹੋਰ ਇਲਾਜ ਨਹੀਂ ਹੋਇਆ ਤਾਂ ਸਾਡੇ ਨਾਲ ਸੰਪਰਕ ਕਰੋ -
ਤੁਹਾਡੀ ਭਾਸ਼ਾ ਬੋਲਦੇ - Hindi, Punjabi & English
ASHFAQ AHMAD (M.Sc.)
- Registered Ontario Homeopath
- Holistic Nutritionist
- Certified Herbalist
Phone: 647-779-5904
Address: 8 Camperdown Ave, Etobicoke.
Clinic hours: all appointment basis for client convenience

SherGill Law Firm
Barrister, Solicitor & Notary Public
Services:
* Real Estate
* Residential, Commercial & Franchise
* Criminal Law
* Family Law
* Affidavit, Power Of Attorney & Notarization
* Immigration Matters
Paramjit Singh Gill
(MBA,LL.B.)
Tel: 905-790-3636
2565 Steeles Ave E Unit #20, Brampton, ON L6T 4L6
Emergency Contact:
416.910.5676
www.shergilllawfirm.ca

ਬਰਾੜ ਗਰਾਜ ਡੋਰ
ਅਸੀਂ ਰੀਪੇਅਰ ਕਰਦੇ ਹਾਂ :
BROKEN SPRINGS
CABLES & ROLLERS
GARAGE DOOR OPENERS
We Install Garage Door Openers
ਸੰਪਰਕ ਕਰੋ: (416) 357-4082, ਈਮੇਲ ਕਰੋ: brargaragedoors@gmail.com

ਆਓ ਸੱਤ ਸਮੁੰਦਰੋ ਪਾਰ ਵਾਲਿਆਂ ਦਾ ਵੀ ਸੋਚੀਏ
Super Visa
■ How your spouse can join you within 4-6 months
■ How your parents can join you
■ How students & skilled people can come to Canada
■ How international Students & Foreign workers can get their immigration
We do appeal for Refusal cases also
Sponsor Your Family
MacroGlobal Immigration Services Ltd.
Seema Bhayana
ICCRC
Ph: 905 452 0000, 905 452 9999
180 Wilkinson Road, Unit 18 Brampton, ON L6T 4M3
Fax: 905 452 9996 Email: macroglobal@rogers.com
www.macroimmigration.com

ukttc UK TRUCK TRAINING CENTRE
PCC #179958
Registered as a Private Careers College
ਹੁਣ ਕੈਮਬ੍ਰਿਜ ਵਿੱਚ ਨਵੀਂ ਲੋਕੇਸ਼ਨ ਖੁੱਲ ਗਈ ਹੈ!!!
225 Sheldon Dr #18, Cambridge
Automatic & Manual Trucks
1 on 1 Training
Air Brake Classes
Sat & Sun 8.00am to 4.00pm
Wed & Thu 4.00pm to 11.00pm
ਜਲਦੀ ਰੋਡ ਟੈਸਟ ਬੁਕਿੰਗ
Forklift Training
Forklift $79 Recertification
Counterbalance
Reach Truck
ਬਾਰ-ਬਾਰ ਫੇਲ੍ਹ ਹੋਣ ਤੋਂ ਬਚਣ ਲਈ ਤਜ਼ਰਬੇਕਾਰ ਇੰਸਟ੍ਰਕਟਰ ਤੋਂ ਟ੍ਰੇਨਿੰਗ ਪ੍ਰਾਪਤ ਕਰੋ।
We help in Written Test & in Finding Jobs
20 ਸਾਲਾਂ ਦਾ ਤਜ਼ਰਬਾ | 7 ਦਿਨ ਖੁੱਲਾ | ਗੇਅਰਾਂ ਵਾਲੇ ਟਰੱਕਾ ਦੀ ਸਪੈਸ਼ਲ ਟ੍ਰੇਨਿੰਗ
7542 Bath Rd, Mississauga, ON L4T 1L2, Off:905.673.7979
OPEN 7 DAYS uktruck1@gmail.com
Jitpal Singh Deol 647-204-1936

# ਰਾਮਨਾਥ ਕੋਵਿੰਦ ਨੇ ਕਿਹਾ: ਵੰਨ ਨੇਸ਼ਨ ਵੰਨ ਇਲੈਕਸ਼ਨ ਦਾ ਫਾਇਦਾ ਸੱਤਾਧਾਰੀ ਪਾਰਟੀ ਨੂੰ ਮਿਲੇਗਾ, ਚਾਹੇ ਭਾਜਪਾ ਹੋਵੇ ਜਾਂ ਕਾਂਗਰਸ



ਰਾਏਬਰੇਲੀ, 21 ਨਵੰਬਰ (ਪੋਸਟ ਬਿਊਰੋ): ਵੰਨ ਨੇਸ਼ਨ ਵੰਨ ਇਲੈਕਸ਼ਨ ਕਮੇਟੀ ਦੇ ਚੇਅਰਮੈਨ ਅਤੇ ਸਾਬਕਾ ਰਾਸ਼ਟਰਪਤੀ ਰਾਮਨਾਥ ਕੋਵਿੰਦ ਨੇ ਕਿਹਾ ਕਿ ਕੇਂਦਰ ਦੀ ਸੱਤਾਧਾਰੀ ਪਾਰਟੀ ਨੂੰ ਇਸ ਯੋਜਨਾ ਦਾ ਫਾਇਦਾ ਹੋਵੇਗਾ। ਚਾਹੇ ਉਹ ਭਾਜਪਾ, ਕਾਂਗਰਸ ਜਾਂ ਕੋਈ ਹੋਰ ਸਿਆਸੀ ਪਾਰਟੀ ਹੋਵੇ। ਯੋਜਨਾ ਦੇਸ਼ ਦੇ ਹਿੱਤ ਵਿੱਚ ਹੈ। ਇਸ ਵਿੱਚ ਕੋਈ ਵਿਤਕਰਾ ਨਹੀਂ ਹੈ। ਇਸ ਦਾ ਸਭ ਤੋਂ ਵੱਧ ਫਾਇਦਾ ਆਮ ਲੋਕਾਂ ਨੂੰ ਮਿਲੇਗਾ। ਕਿਉਂਕਿ ਜੋ ਵੀ ਮਾਲੀਆ ਬਚਦਾ ਹੈ ਉਹ ਵਿਕਾਸ ਕਾਰਜਾਂ ਵਿੱਚ ਵਰਤਿਆ ਜਾ ਸਕਦਾ ਹੈ।

ਸਾਬਕਾ ਰਾਸ਼ਟਰਪਤੀ ਸੋਮਵਾਰ ਨੂੰ ਉੱਤਰ ਪ੍ਰਦੇਸ਼ ਦੇ ਰਾਏਬਰੇਲੀ ਵਿਚ ਇਕ ਨਿੱਜੀ ਪ੍ਰੋਗਰਾਮ ਵਿਚ ਸ਼ਾਮਿਲ ਹੋਣ ਲਈ ਪਹੁੰਚੇ ਸਨ। ਇਸ ਦੌਰਾਨ ਉਨ੍ਹਾਂ ਕਿਹਾ ਕਿ ਮੈਂ ਸਾਰੀਆਂ ਰਜਿਸਟਰਡ ਪਾਰਟੀਆਂ ਤੋਂ ਸੁਝਾਅ ਮੰਗੇ ਹਨ। ਕਿਸੇ ਨਾ ਕਿਸੇ ਸਮੇਂ ਹਰ ਰਾਸ਼ਟਰੀ ਪਾਰਟੀ ਨੇ ਇਸ ਦਾ ਸਮਰਥਨ ਕੀਤਾ ਹੈ। ਕੁਝ ਧਿਰਾਂ ਅਸਹਿਮਤ ਹੋ ਸਕਦੀਆਂ ਹਨ। ਪਰ ਅਸੀਂ ਸਾਰਿਆਂ ਨੂੰ ਆਪਣਾ ਸਹਿਯੋਗ ਦੇਣ ਦੀ ਬੇਨਤੀ ਕਰਦੇ ਹਾਂ। ਇਸ ਵਿੱਚ ਦੇਸ਼ ਦੇ ਹਿੱਤ ਹਿਨ।

ਸਾਬਕਾ ਰਾਸ਼ਟਰਪਤੀ ਨੇ ਕਿਹਾ ਕਿ ਵੰਨ ਨੇਸ਼ਨ ਵੰਨ ਇਲੈਕਸ਼ਨ 'ਤੇ ਕਈ ਕਮੇਟੀਆਂ ਦੀਆਂ ਰਿਪੋਰਟਾਂ ਆਈਆਂ ਹਨ। ਇਨ੍ਹਾਂ ਵਿੱਚ ਸੰਸਦੀ ਕਮੇਟੀ, ਨੀਤੀ ਆਯੋਗ ਅਤੇ ਚੋਣ ਕਮਿਸ਼ਨ ਦੀਆਂ ਰਿਪੋਰਟਾਂ ਸ਼ਾਮਿਲ ਹਨ। ਇਨ੍ਹਾਂ ਵਿਚ ਕਿਹਾ ਗਿਆ ਹੈ ਕਿ ਇਸ ਪ੍ਰਣਾਲੀ ਨੂੰ ਦੇਸ਼ ਵਿਚ ਲਾਗੂ ਕੀਤਾ ਜਾਣਾ ਚਾਹੀਦਾ ਹੈ।

# ਬ੍ਰਿਟੇਨ ਦੇ ਪ੍ਰਧਾਨ ਮੰਤਰੀ ਰਿਸ਼ੀ ਸੁਨਕ ਦਾ ਵਿਵਾਦਤ ਬਿਆਨ ਆਇਆ ਸਾਹਮਣੇ: ਕਿਹਾ ਸੀ, ਕੋਰੋਨਾ ਨਾਲ ਲੋਕਾਂ ਨੂੰ ਮਰਨ ਦਿਓ : ਰਿਪੋਰਟ



ਲੰਡਨ, 21 ਨਵੰਬਰ (ਪੋਸਟ ਬਿਊਰੋ): ਇੱਕ ਬਿਆਨ ਨੂੰ ਲੈ ਕੇ ਬ੍ਰਿਟੇਨ ਦੇ ਪ੍ਰਧਾਨ ਮੰਤਰੀ ਰਿਸ਼ੀ ਸੁਨਕ ਵਿਵਾਦ ਵਿਚ ਫਸ ਗਏ ਹਨ। ਇਕ ਰਿਪੋਰਟ 'ਚ ਕਥਿਤ ਤੌਰ 'ਤੇ ਕਿਹਾ ਗਿਆ ਹੈ ਕਿ ਕੋਰੋਨਾ ਵਾਇਰਸ ਮਹਾਮਾਰੀ ਦੌਰਾਨ ਉਨ੍ਹਾਂ ਨੇ ਸੋਚਿਆ ਕਿ ਸਰਕਾਰ ਨੂੰ ਦੂਜਾ ਲਾਕਡਾਊਨ ਲਗਾਉਣ ਦੀ ਬਜਾਏ 'ਕੁਝ ਲੋਕਾਂ ਨੂੰ ਮਰਨ ਦੇਣਾ ਚਾਹੀਦਾ ਹੈ'।

ਜਾਣਕਾਰੀ ਅਨੁਸਾਰ ਸਾਬਕਾ ਮੁੱਖ ਵਿਗਿਆਨਕ ਸਲਾਹਕਾਰ, ਪੈਟਰਿਕ ਵੈਲੇਂਸ ਵਲੋਂ ਕੀਤੀ ਗਈ ਇਕ ਡਾਇਰੀ ਐਂਟਰੀ ਦੇ ਅਨੁਸਾਰ ਕਮਿੰਗਜ਼ ਨੇ ਇਕ ਰਾਸ਼ਟਰੀ ਤਾਲਾਬੰਦੀ ਲਾਗੂ ਕਰਨ ਜਾਂ ਨਾ ਲਗਾਉਣ ਬਾਰੇ ਇਕ ਮੀਟਿੰਗ ਦੌਰਾਨ ਬਿਆਨ ਦਿੱਤਾ। ਵੈਲੈਂਸ ਨੇ ਆਪਣੀ ਡਾਇਰੀ 'ਚ ਕਮਿੰਗਜ਼ ਦਾ ਹਵਾਲਾ ਦਿੰਦਿਆਂ ਕਿਹਾ, "ਰਿਸ਼ੀ ਸੋਚਦੇ ਹਨ ਕਿ ਲੋਕਾਂ ਨੂੰ ਮਰਨ ਦੇਣਾ ਠੀਕ ਹੈ। ਇਹ ਸਭ ਲੀਡਰਸ਼ਿਪ ਦੀ ਪੂਰੀ ਘਾਟ ਵਾਂਗ ਜਾਪਦਾ ਹੈ।"

ਸੁਨਕ ਦੇ ਬੁਲਾਰੇ ਨੇ ਕਿਹਾ ਕਿ ਪ੍ਰਧਾਨ ਮੰਤਰੀ ਸੁਨਕ ਆਪਣੀ ਸਥਿਤੀ ਸਪੱਸ਼ਟ ਕਰਨਗੇ ਜਦੋਂ ਉਹ ਜਾਂਚ ਲਈ ਸਬੂਤ ਪੇਸ਼ ਕਰਨਗੇ, ਨਾ ਕਿ ਹਰੇਕ ਸਵਾਲ ਦਾ ਵੱਖਰੇ ਤੌਰ 'ਤੇ ਜਵਾਬ ਦੇਣਗੇ। ਇਹ ਸਮਝਿਆ ਜਾਂਦਾ ਹੈ ਕਿ ਜਾਂਚ ਕੋਰੋਨਾ ਵਾਇਰਸ ਮਹਾਮਾਰੀ ਪ੍ਰਤੀ ਸਰਕਾਰ ਦੇ ਜਵਾਬ ਦੀ ਜਾਂਚ ਕਰ ਰਹੀ ਹੈ, ਜਿਸ ਨੇ ਆਰਥਿਕਤਾ ਦੇ ਵੱਡੇ ਹਿੱਸੇ ਨੂੰ ਬੰਦ ਕਰ ਦਿੱਤਾ ਹੈ ਤੇ ਬ੍ਰਿਟੇਨ 'ਚ 2,20,000 ਤੋਂ ਵਧ ਲੋਕਾਂ ਦੀ ਮੌਤ ਹੋ ਗਈ ਹੈ।

ਸੀਨੀਅਰ ਸਰਕਾਰੀ ਅਧਿਕਾਰੀਆਂ ਨੇ ਵਾਰ-ਵਾਰ ਕਿਹਾ ਹੈ ਕਿ ਸਰਕਾਰ ਮਹਾਮਾਰੀ ਲਈ ਤਿਆਰ ਨਹੀਂ ਸੀ ਤੇ ਇਕ 'ਜ਼ਹਿਰੀਲੇ' ਤੇ 'ਮਾਚੋ' ਸੱਭਿਆਚਾਰ ਨੇ ਸਿਹਤ ਸੰਕਟ ਦੇ ਜਵਾਬ 'ਚ ਰੁਕਾਵਟ ਪਾਈ। ਸੁਨਕ ਲਈ ਖ਼ਤਰਾ ਇਹ ਹੈ ਕਿ ਜਾਂਚ ਦੇ ਸਬੂਤ ਆਪਣੇ ਆਪ ਨੂੰ ਸਥਿਤੀ 'ਚ ਰੱਖਣ ਦੀ ਉਸ ਦੀ ਕੋਸ਼ਿਸ਼ ਨੂੰ ਕਮਜ਼ੋਰ ਕਰਦੇ ਹਨ ਕਿਉਂਕਿ ਜੌਹਨਸਨ ਇਕ ਅਰਾਜਕ ਲੀਡਰਸ਼ਿਪ ਤਬਦੀਲੀ ਨੂੰ ਨੈਵੀਗੇਟ ਕਰਦਾ ਹੈ, ਭਾਵੇਂ ਕਿ ਉਹ ਉਸ ਸਰਕਾਰ ਦੇ ਸਭ ਤੋਂ ਸੀਨੀਅਰ ਮੰਤਰੀਆਂ 'ਚੋਂ ਇਕ ਸੀ।

# ਆਸਟ੍ਰੇਲੀਆ ਦੇ ਡਿਪਟੀ ਪੀ.ਐੱਮ.ਨੇ ਸਟ੍ਰੀਟ ਫੂਡ ਦਾ ਖਾਧਾ ਰਾਮ ਲੱਡੂ ਅਤੇ ਪੀਤਾ ਨਿੰਬੂ ਪਾਣੀ





ਨਵੀਂ ਦਿੱਲੀ, 21 ਨਵੰਬਰ (ਪੋਸਟ ਬਿਊਰੋ): ਆਸਟ੍ਰੇਲੀਆ ਦੇ ਉਪ ਪ੍ਰਧਾਨ ਮੰਤਰੀ ਅਤੇ ਰੱਖਿਆ ਮੰਤਰੀ ਰਿਚਰਡ ਮਾਰਲਸ ਇਨ੍ਹੀਂ ਦਿਨੀਂ ਭਾਰਤ ਦੌਰੇ 'ਤੇ ਹਨ। ਉਹ ਐਤਵਾਰ ਨੂੰ ਗੁਜਰਾਤ ਦੇ ਅਹਿਮਦਾਬਾਦ ਦੇ ਨਰਿੰ-ਦਰ ਮੋਦੀ ਸਟੇਡੀਅਮ 'ਚ ਆਯੋਜਿਤ ਕ੍ਰਿਕਟ ਮੈਚ ਦਾ ਫਾਈਨਲ ਮੈਚ ਦੇਖਣ ਵੀ ਗਏ ਸਨ। ਉਹ ਸੋਮਵਾਰ ਨੂੰ ਦਿੱਲੀ ਆਏ ਸਨ। ਇਸ ਦੌਰਾਨ ਉਸਨੇ ਕਈ ਗਤੀਵਿਧੀਆਂ ਵਿੱਚ ਹਿੱਸਾ ਲਿਆ। ਉਸ ਨੇ ਦਿੱਲੀ ਦੇ ਅਰੁਣ ਜੇਤਲੀ ਸਟੇਡੀਅਮ ਨੇੜੇ ਸਟ੍ਰੀਟ ਕ੍ਰਿਕਟ ਵੀ ਖੇਡੀ ਅਤੇ ਕੁਝ ਬੱਚਿਆਂ ਨੂੰ ਕ੍ਰਿਕਟ ਕਿੱਟਾਂ ਵੀ ਦਿੱਤੀਆਂ। ਇਸ ਤੋਂ ਬਾਅਦ ਉਹ ਦਿੱਲੀ ਦੀਆਂ ਸੜਕਾਂ 'ਤੇ ਨਿਕਲੇ ਅਤੇ ਸਟ੍ਰੀਟ ਫੂਡ ਦਾ ਮਜ਼ਾ ਲਿਆ। ਰਿਚਰਡ ਨੇ ਰਾਮ ਲੱਡੂ ਅਤੇ ਹਰੀ ਚਟਨੀ, ਦਿੱਲੀ ਦੇ ਮਨਪਸੰਦ ਸਟ੍ਰੀਟ ਫੂਡ ਵਿੱਚ ਸ਼ਾਮਿਲ ਕੀਤਾ, ਅਤੇ ਫਿਰ ਨਿੰਬੂ ਪਾਣੀ ਪੀਤਾ। ਦੋਵਾਂ ਥਾਵਾਂ 'ਤੇ ਉਨ੍ਹਾਂ ਨੇ ਭੀਮ ਯੂਪੀਆਈ ਰਾਹੀਂ ਪੈਸੇ ਅਦਾ ਕੀਤੇ।

ਇਸ ਦੇ ਨਾਲ ਹੀ ਆਸਟ੍ਰੇਲੀਆ ਦੇ ਉਪ ਪ੍ਰਧਾਨ ਮੰਤਰੀ ਅਤੇ ਰੱਖਿਆ ਮੰਤਰੀ ਰਿਚਰਡ ਮਾਰਲਸ ਨੇ ਵਿਦੇਸ਼ ਮੰਤਰੀ ਪੇਨੀ ਵੋਂਗ ਨਾਲ ਦਿੱਲੀ ਸਥਿਤ ਰਾਸ਼ਟਰੀ ਜੰਗੀ ਯਾਦਗਾਰ 'ਤੇ ਜਾ ਕੇ ਸ਼ਰਧਾ ਦੇ ਫੁੱਲ ਭੇਟ ਕੀਤੇ। ਦੋਵੇਂ ਆਸਟ੍ਰੇਲੀਆਈ ਨੇਤਾਵਾਂ ਨੇ ਸ਼ਾਮ ਨੂੰ ਆਪਣੇ ਭਾਰਤੀ ਹਮਰੁਤਬਾ, ਵਿਦੇਸ਼ ਮੰਤਰੀ ਐਸ ਜੈਸ਼ੰਕਰ ਅਤੇ ਰੱਖਿਆ ਮੰਤਰੀ ਰਾਜਨਾਥ ਸਿੰਘ ਨਾਲ ਮੁਲਾਕਾਤ ਕੀਤੀ ਅਤੇ 2+2 ਵਾਰਤਾ ਵੀ ਕੀਤੀ। ਇਸ ਦੌਰਾਨ ਦੋਹਾਂ ਦੇਸ਼ਾਂ ਵਿਚਾਲੇ ਰਣਨੀਤਕ, ਰੱਖਿਆ ਅਤੇ ਸੁਰੱਖਿਆ ਮੁੱਦਿਆਂ 'ਤੇ ਵਿਸਥਾਰਪੂਰਵਕ ਚਰਚਾ ਹੋਈ।

# ਪੈਟਰੋਲ ਪੰਪ ਤੋਂ ਲੜਕੀ ਨੂੰ ਮੋਟਰਸਾਈਕਲ 'ਤੇ ਜ਼ਬਰਦਸਤੀ ਚੁੱਕ ਕੇ ਲੈ ਗਏ ਦੋ ਵਿਅਕਤੀ



ਗਵਾਲੀਅਰ, 21 ਨਵੰਬਰ (ਪੋਸਟ ਬਿਊਰੋ): ਮੱਧ ਪ੍ਰਦੇਸ਼ ਦੇ ਗਵਾਲੀਅਰ ਵਿੱਚ ਇੱਕ ਲੜਕੀ ਨੂੰ ਸ਼ਰੇਆਮ ਅਗਵਾ ਕਰ ਲਿਆ ਗਿਆ। ਇਹ ਸਾਰੀ ਘਟਨਾ ਸੀਸੀਟੀਵੀ ਕੈਮਰੇ ਵਿੱਚ ਕੈਦ ਹੋ ਗਈ। ਦੱਸਿਆ ਜਾ ਰਿਹਾ ਹੈ ਕਿ ਬੱਸ 'ਚ ਸਵਾਰ ਹੋਣ ਤੋਂ ਬਾਅਦ ਇਕ ਲੜਕੀ ਆਪਣੇ ਪਰਿਵਾਰ ਸਮੇਤ ਸਵੇਰੇ ਕਰੀਬ 9:30 ਵਜੇ ਝਾਂਸੀ ਰੋਡ 'ਤੇ ਬੱਸ ਸਟੈਂਡ 'ਤੇ ਹੇਠਾਂ ਉਤਰੀ। ਇਸ ਦੌਰਾਨ ਲੜਕੀ ਆਪਣੇ ਬੱਚੇ ਨੂੰ ਟਾਇਲਟ ਲਈ ਨੇੜਲੇ ਪੈਟਰੋਲ ਪੰਪ 'ਤੇ ਗਈ ਸੀ। ਪਰ ਬਾਈਕ ਸਵਾਰ ਦੋ ਬਦਮਾਸ਼ ਉਸੇ ਪੈਟਰੋਲ ਪੰਪ 'ਤੇ ਪਹੁੰ-ਚੇ, ਉਸ ਨੂੰ ਜ਼ਬਰਦਸਤੀ ਚੁੱਕ ਕੇ ਬਾਈਕ 'ਤੇ ਬਿਠਾ ਕੇ ਫਰਾਰ ਹੋ ਗਏ। ਜਾਣਕਾਰੀ ਮਿਲੀ ਹੈ ਕਿ ਇਹ ਲੜਕੀ ਭਿੰਡ ਦੇ ਆਸਵਰ ਥਾਣਾ ਖੇਤਰ ਦੇ ਪਿੰਡ ਬਰਹਾ ਦੀ ਰਹਿਣ ਵਾਲੀ ਹੈ ਅਤੇ ਸੇਵਾਦਾ ਕਾਲਜ ਦੀ ਵਿਦਿਆਰਥਣ ਹੈ। ਦੋਵੇਂ ਮੁਲਜ਼ਮ ਅਣਪਛਾਤੇ ਦੱਸੇ ਜਾਂਦੇ ਹਨ। ਜਦੋਂ ਬੱਚੀ ਨੂੰ ਅਗਵਾ ਕੀਤਾ ਗਿਆ ਤਾਂ ਉਸ ਦੇ ਪਰਿਵਾਰਕ ਮੈਂਬਰ ਬੱਸ 'ਚੋਂ ਸਾਮਾਨ ਉਤਾਰ ਰਹੇ ਸਨ ਅਤੇ ਬੱਚੀ ਬੱਚੀ ਨੂੰ ਟਾਇਲਟ ਲਈ ਗਈ ਸੀ। ਇਸ ਦੌਰਾਨ ਬਾਈਕ ਸਵਾਰ ਨੌਜਵਾਨਾਂ ਨੇ ਉਸ ਨੂੰ ਜ਼ਬਰਦਸਤੀ ਚੁੱਕ ਲਿਆ ਅਤੇ ਬਾਈਕ 'ਤੇ ਬਿਠਾ ਕੇ ਫਰਾਰ ਹੋ ਗਏ। ਪਰ ਇਹ ਸਾਰੀ ਘਟਨਾ ਪੈਟਰੋਲ ਪੰਪ 'ਤੇ ਲੱਗੇ ਸੀਸੀਟੀਵੀ ਕੈਮਰੇ 'ਚ ਕੈਦ ਹੋ ਗਈ। ਪੁਲਿਸ ਨੇ ਦੋਵੇਂ ਫਰਾਰ ਮੁਲਜ਼ਮਾਂ ਤੋਂ ਪੁੱਛਗਿੱਛ ਸ਼ੁਰੂ ਕਰ ਦਿੱਤੀ ਹੈ। ਇਹ ਮਾਮਲਾ ਝਾਂਸੀ ਰੋਡ ਥਾਣਾ ਖੇਤਰ ਦਾ ਦੱਸਿਆ ਜਾ ਰਿਹਾ ਹੈ।

ਇਹ ਸਾਰੀ ਘਟਨਾ ਪੈਟਰੋਲ ਪੰਪ 'ਤੇ ਲੱਗੇ ਸੀਸੀਟੀਵੀ ਕੈਮਰੇ 'ਚ ਕੈਦ ਹੋ ਗਈ। ਵੀਡੀਓ 'ਚ ਦੇਖਿਆ ਜਾ ਰਿਹਾ ਹੈ ਕਿ ਇਨ੍ਹਾਂ 'ਚੋਂ ਇਕ ਨੇ ਹੈਲਮੇਟ ਪਾਇਆ ਹੋਇਆ ਸੀ, ਜਦਕਿ ਦੂਜੇ ਨੇ ਆਪਣਾ ਮੂੰਹ ਕੱਪੜੇ ਨਾਲ ਢੱਕਿਆ ਹੋਇਆ ਸੀ। ਮੱਧ ਪ੍ਰਦੇਸ਼ ਦੇ ਭਿੰਡ ਜ਼ਿਲ੍ਹੇ ਦੀ ਰਹਿਣ ਵਾਲੀ 19 ਸਾਲਾ ਬੀਏ ਦੀ ਵਿਦਿਆਰਥਣ ਨੂੰ ਸੋਮਵਾਰ ਸਵੇਰੇ ਕਰੀਬ 8:50 ਵਜੇ ਬੱਸ ਤੋਂ ਉਤਰਨ ਤੋਂ ਕੁਝ ਮਿੰਟ ਬਾਅਦ ਹੀ ਅਗਵਾ ਕਰ ਲਿਆ ਗਿਆ। ਉਹ ਦੀਵਾਲੀ ਮਨਾਉਣ ਲਈ ਪਰਿਵਾਰ ਸਮੇਤ ਭਿੰਡ ਗਈ ਸੀ ਅਤੇ ਪੈਟਰੋਲ ਪੰਪ 'ਤੇ ਆਪਣੇ ਭਰਾ ਦਾ ਇੰਤਜ਼ਾਰ ਕਰ ਰਹੀ ਸੀ। ਪੁਲਸ ਨੇ ਜਾਂਚ ਸ਼ੁਰੂ ਕਰ ਦਿੱਤੀ ਹੈ ਅਤੇ ਦੋਵਾਂ ਦੋਸ਼ੀਆਂ ਦੀ ਭਾਲ ਕੀਤੀ ਜਾ ਰਹੀ ਹੈ।

# ਮੋਗਾ ਵਿਖੇ 9 ਦਸੰਬਰ ਨੂੰ ਹੋਵੇਗਾ ਰਾਸ਼ਟਰੀ ਲੋਕ ਅਦਾਲਤ ਦਾ ਆਯੋਜਨ

## ਆਮ ਲੋਕ ਲੈਣ ਲੋਕ ਅਦਾਲਤ ਦਾ ਵੱਧ ਤੋਂ ਵੱਧ ਲਾਹਾ



ਮੋਗਾ, 21 ਨਵੰਬਰ (ਗਿਆਨ ਸਿੰਘ): ਨੈਸ਼ਨਲ ਲੀਗਲ ਸਰਵਿਸਜ਼ ਅਥਾਰਟੀ, ਨਵੀਂ ਦਿੱਲੀ ਅਤੇ ਮਿਸਟਰ ਜਸਟਿਸ ਗੁਰਮੀਤ ਸਿੰਘ ਸੰਧਾਵਾਲੀਆ ਜੀ ਜੱਜ ਮਾਣਯੋਗ ਪੰਜਾਬ ਅਤੇ ਹਰਿਆਣਾ ਹਾਈਕੋਰਟ ਤੇ ਕਾਰਜਕਾਰੀ ਚੇਅਰਮੈਨ ਪੰਜਾਬ ਰਾਜ ਕਾਨੂੰਨੀ ਸੇਵਾਵਾਂ ਅਥਾਰਟੀ, ਮੋਹਾਲੀ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਮਿਤੀ 9 ਦਸੰਬਰ, 2023 ਪੂਰੇ ਪੰਜਾਬ ਵਿੱਚ ਰਾਸ਼ਟਰੀ ਲੋਕ ਅਦਾਲਤ ਦਾ ਆਯੋਜਨ ਕੀਤਾ ਜਾ ਰਿਹਾ ਹੈ।

ਅਤੁਲ ਕਸਾਨਾ ਜੀ ਜ਼ਿਲ੍ਹਾ ਅਤੇ ਸੈਸ਼ਨ ਜੱਜ-ਕਮ-ਚੇਅਰਪਰਸਨ, ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਮੋਗਾ ਨੇ ਜਾਣਕਾਰੀ ਦਿੰਦੀਆਂ ਦੱਸਿਆ ਕਿ ਸੈਸ਼ਨ ਡਿਵੀਜ਼ਨ ਮੋਗਾ, ਸਬ ਡਿਵੀਜ਼ਨ ਨਿਹਾਲ ਸਿੰਘ ਵਾਲਾ ਅਤੇ ਬਾਘਾਪੁਰਾਣਾ ਵਿਖੇ ਇਸ ਲੋਕ ਅਦਾਲਤ ਦਾ ਆਯੋਜਨ ਕੀਤਾ ਜਾਵੇਗਾ। ਇਸ ਲੋਕ ਅਦਾਲਤ ਵਿਚ ਦੀਵਾਨੀ ਕੇਸ, ਘਰੇਲੂ ਝਗੜੇ, ਮੋਟਰ ਵਹੀਕਲ ਸੜਕ ਦੁਰਘਟਨਾਵਾਂ ਦੇ ਮੁਆਵਜ਼ੇ ਦੇ ਮਸਲੇ, ਜ਼ਮੀਨੀ ਝਗੜੇ ਦੇ ਮਸਲੇ, ਬਿਜਲੀ ਚੋਰੀ ਦੇ ਮਸਲੇ, ਚੈੱਕ ਬਾਊਂਸਿੰਗ ਦੇ ਮਸਲੇ, ਟ੍ਰੈਫਿਕ ਚਲਾਨ, ਰਿਕਵਰੀ ਸੂਟ, ਲੇਬਰ ਆਦਿ ਦੇ ਮਸਲੇ ਲਗਾਏ ਜਾ ਸਕਦੇ ਹਨ। ਇਹਨਾਂ ਲੋਕ ਅਦਾਲਤਾਂ ਦੇ ਨਾਲ ਜਿੱਥੇ ਆਮ ਲੋਕਾਂ ਨੂੰ ਰਾਹਤ ਮਿਲਦੀ ਹੈ ਉੱਥੇ ਉਹਨਾਂ ਲੋਕਾ ਦੇ ਸਮਾਂ ਅਤੇ ਪੈਸੇ ਦੀ ਵੀ ਬੱਚਤ ਹੁੰਦੀ ਹੈ। ਲੋਕ ਅਦਾਲਤ ਦੁਆਰਾ ਦੋਨੋ ਪਾਰਟੀਆਂ ਵਿੱਚ ਆਪਸੀ ਦੁਸ਼ਮਣੀ ਖਤਮ ਹੋ ਜਾਂਦੀ ਹੈ ਅਤੇ ਭਾਈਚਾਰਾ ਵੱਧਦਾ ਹੈ। ਲੋਕ ਅਦਾਲਤ ਵਿੱਚ ਫੈਸਲਾਂ ਹੋਣ ਤੋਂ ਬਾਅਦ ਕੇਸ ਵਿੱਚ ਲੱਗੀ ਸਾਰੀ ਕੋਰਟ ਫੀਸ ਵਾਪਿਸ ਮਿਲ ਜਾਂਦੀ ਹੈ। ਇਸ ਦੇ ਫੈਸਲੇ ਨੂੰ ਦੀਵਾਨੀ ਅਦਾਲਤ ਦੀ ਡਿਗਰੀ ਦੀ ਮਾਣਤਾ ਪ੍ਰਾਪਤ ਹੈ। ਇਸ ਦੇ ਫੈਸਲੇ ਦੇ ਖਿਲਾਫ਼ ਕੋਈ ਅਪੀਲ ਨਹੀਂ ਹੋ ਸਕਦੀ। ਉਹਨਾਂ ਨੇ ਆਮ ਲੋਕਾਂ ਨੂੰ ਅਪੀਲ ਕੀਤੀ ਕਿ ਆਪਣੇ ਕੇਸਾਂ ਦਾ ਲੋਕ ਅਦਾਲਤ ਵਿੱਚ ਫੈਸਲਾ ਕਰਾ ਕੇ ਵੱਧ ਤੋਂ ਵੱਧ ਲਾਭ ਉਠਾਇਆ ਜਾਵੇ। ਕਿਸੇ ਵੀ ਤਰ੍ਹਾਂ ਦੀ ਕਾਨੂੰਨੀ ਸਹਾਇਤਾ/ਸਲਾਹ ਲਈ 1968 ਜਾਂ ਦਫ਼ਤਰ ਦੇ ਫੋਨ ਨੰਬਰ 01636-235864 ਜਾਂ ਈ-ਮੇਲ ਆਈ.ਡੀ dlsa.moga@punjab.gov.in ਤੇ ਸੰਪਰਕ ਕੀਤਾ ਜਾ ਸਕਦਾ ਹੈ।

# ਬੀ.ਐੱਸ.ਐੱਫ. ਨੇ ਪਾਕਿਸਤਾਨੀ ਡਰੋਨ ਦੁਆਰਾ ਸੁੱਟੀ ਹੈਰੋਇਨ ਦੀ ਖੇਪ ਕੀਤੀ ਜ਼ਬਤ


ਅੰਮ੍ਰਿਤਸਰ, 21 ਨਵੰਬਰ (ਪੋਸਟ ਬਿਊਰੋ): ਅੰਮ੍ਰਿਤਸਰ ਵਿੱਚ ਸੀਮਾ ਸੁਰੱਖਿਆ ਬਲ ਦੇ ਜਵਾਨਾਂ ਨੇ ਭਾਰਤੀ ਸਰਹੱਦ ਵਿੱਚ ਦਾਖਲ ਹੋਏ ਪਾਕਿਸਤਾਨੀ ਡਰੋਨ ਦੁਆਰਾ ਸੁੱਟੀ ਗਈ ਹੈਰੋਇਨ ਦੀ ਖੇਪ ਨੂੰ ਜ਼ਬਤ ਕੀਤਾ ਹੈ। ਹਾਲਾਂਕਿ ਡਰੋਨ ਵਾਪਸ ਜਾਣ ਵਿੱਚ ਕਾਮਯਾਬ ਹੋ ਗਿਆ। ਇਸ ਖੇਪ ਦੀ ਅੰਤਰਰਾਸ਼ਟਰੀ ਕੀਮਤ ਕਰੀਬ 3.5 ਕਰੋੜ ਰੁਪਏ ਦੱਸੀ ਜਾ ਰਹੀ ਹੈ। ਇਸ ਦੇ ਨਾਲ ਹੀ ਇਲਾਕੇ 'ਚ ਤਲਾਸ਼ੀ ਮੁਹਿਮ ਵੀ ਸ਼ੁਰੂ ਕਰ ਦਿੱਤੀ ਗਈ ਹੈ। ਬੀਐਸਐਫ ਅਧਿਕਾਰੀਆਂ ਨੇ ਦੱਸਿਆ ਕਿ ਡਰੋਨ ਨੇ ਪੀਲੇ ਰੰਗ ਦਾ ਪੈਕਟ ਸੁੱਟਿਆ ਸੀ। ਜਿਸ ਨੂੰ ਜ਼ਬਤ ਕਰ ਲਿਆ ਗਿਆ। ਪੈਕੇਟ ਵਿੱਚ 565 ਗ੍ਰਾਮ ਹੈਰੋਇਨ ਸੀ। ਜਿਸ ਨੂੰ ਜਾਂਚ ਲਈ ਭੇਜ ਦਿੱਤਾ ਗਿਆ ਹੈ।

ਬੀਐਸਐਫ ਮੁਤਾਬਕ ਇਹ ਮਾਮਲਾ ਅੰਮ੍ਰਿਤਸਰ ਦੇ ਸਰਹੱਦੀ ਪਿੰਡ ਮੋੜ ਵਿੱਚ ਸਾਹਮਣੇ ਆਇਆ ਹੈ। ਬੀਐਸਐਫ ਅਧਿਕਾਰੀਆਂ ਦੇ ਮੁਤਬਕ ਜਵਾਨਾਂ ਨੇ ਪੰਜਾਬ ਦੇ ਸਰਹੱਦੀ ਇਲਾਕਿਆਂ ਵਿੱਚ 8 ਦਿਨਾਂ ਵਿੱਚ 9 ਡਰੋਨ ਜ਼ਬਤ ਕੀਤੇ ਹਨ। ਇਨ੍ਹਾਂ 'ਚੋਂ ਜ਼ਿਆਦਾਤਰ ਡਰੋਨ ਅੰਮ੍ਰਿਤਸਰ ਸਰਹੱਦ ਤੋਂ ਜ਼ਬਤ ਕੀਤੇ ਗਏ ਸਨ। ਇਸ ਦੇ ਨਾਲ ਹੀ ਹਾਲ ਹੀ ਵਿੱਚ ਤਰਨ ਤਾਰਨ ਤੋਂ ਵੀ ਇੱਕ ਡਰੋਨ ਬਰਾਮਦ ਹੋਇਆ ਸੀ।

Office: 416-654-1010
Sutton
Sutton Group Security Real Estate Brokerage
2700 Dufferin St #47, Toronto ON M6B4J3




"For all your real estate needs"
Anabela Serra
Sales Representative
416-400-5825
anabelserra75@gmail.com






98 JOHN ST E
Bradford West Gwillimbury, Ontario L3Z1G4
$1,149,000
A 5-Plex on a Premium lot of 54 x 148*. Lovely stucco & vinyl multiplex in the heart of Bradford. Annual Gross Income is Approx $60,000. Located on a quiet residential street that is close to schools, shopping, restaurants & entertainment. Easy access to the highway for commuters

97 JOHN ST E
Bradford West Gwillimbury, Ontario L3Z2B5




$1,089,000
A charming, well-maintained detached house that's been converted into 4 units; One 2 bedroom unit and three 1 bedroom units. This property sits on a premium lot 50X148 with a large backyard and a large storage shed shared by tenants. Easily convert back to a single family home. All units are currently rented on a month-to-month tenancy.

103 JOHN ST W
Bradford West Gwillimbury, Ontario L3Z2A8



$799,000
**3 UNITS** Lovely semi detached in the heart of Bradford. One 2 bedroom unit, One 1 bedroom unit and 1 bachelor. Annual Gross Income Is Approx $41,000(Gross). Lots Of Parking, Quiet Residential Street Close To Shopping, Restaurants, Schools And Entertainment. Huge Lot 36Ft X 167 Ft. All tenants on a month-to-month tenancy.

6273 YONGE ST
Innisfil, Ontario L0L1K0



$799,000
Great opportunity to own a 4-plex with a monthly income of $4654.00. This property features 3 two bedroom units and one 1 bedroom unit. New septic system was installed in 2021. The tenants would like to stay if possible. Location is on the bus route and minutes to Barrie or Bradford. EXTRA: All existing appliances, all ELFs, Coin operated washer and dryer.

2217 VICTORIA ST
Innisfil, Ontario L9S1A8



$499,000
Ideal building lot dream home steps to the beach. Or Perfect Starter Home Or Investment Property In Village Of Stroud. Home Is Located Minutes From The Go Bus Stop And A Short Walk From Stores And All Amenities. Features Include Gas Furnace 2014, Steel Roof 2014, Plumbing And Wiring 2014, Electrical Panel 2014. A Short Drive To Lake Simcoe.

CAPITAL SERVICES
INSURANCE | VEHICLE REG. | IMMIGRATION | NOTARY PUBLIC | LIVE SCAN
ਸੈਕਰਾਮੈਂਟੋ, ਕੈਲੀਫੋਰਨੀਆ
AUTO · HOME · TRUCK · BUSINESS · LIFE · MEDICAL

ਪਾਸਪੋਰਟ / ਵੀਜ਼ਾ
* ਓ ਸੀ ਆਈ
* ਸਰੈਂਡਰ ਸਰਟੀਫਿਕੇਟ, ਪੈਨ ਕਾਰਡ
* ਫੈਮਲੀ ਪਟੀਸ਼ਨ * ਗਰੀਨ ਕਾਰਡ
* ਸਿਟੀਜਨ * ਵਸੀਅਤ *Living Trust
* ਫੈਮਲੀ ਪਟੀਸ਼ਨ *Legal Documents
The Attorney has 25 years of experience in your favor for all legal services.

Vehicle Registration
(Approved by CA DMV)
* ਕਾਰ ਸਟਿੱਕਰ ਸਲਾਨਾ
* ਕਾਰ ਟਰਾਂਸਫਰ
* ਪਲੇਟਾਂ ਤੇ ਸਟਿੱਕਰ
* ਕਮਰਸ਼ੀਅਲ ਵਹੀਕਲ
* Vin Verification
Lic.43779

Other Services
* Live Scan / Fingerprints
* Covered California.
* Drug Testing * Alcohol Tes
* Notary Services
* International Driver Lic.
Lic. 600094



Office Ph.(916) 427-4321
6624 FLORIN ROAD, SACRAMENTO CA, 95828
FAX: 916)258-0441, Cell: (916)308-7997
Email: sacramento99@yahoo.com Website: www.capitalservices.us

CAPITAL DRUG TESTING
Capital DRUG TESTING
Drug and Alcohol Test
DOT / NON DOT
PRE EMPLOYMENT - RANDOM
POST ACCIDENT - REASONABLE SUSPICION
Services: DOT Random Prog., FMCSA Clearinghouse, DOT Supervisor Training, SAP Classes Etc.



Lab. Ph:(916) 680-9293
6624 Florin Road
Sacramento CA, 95828
Email: capitaldrugtest@gmail.com
Website: www.capitaldrugtest.com

# ਬਠਿੰਡਾ ਵਿਚ ਕਿਸਾਨ ਨੇ ਕੀਤੀ ਖੁਦਕੁਸ਼ੀ, ਪਰਾਲੀ ਨੂੰ ਅੱਗ ਲਗਾਈ ਸੀ, ਐੱਫ.ਆਈ.ਆਰ. ਦੇ ਡਰੋਂ ਚੁੱਕਿਆ ਕਦਮ



ਬਠਿੰਡਾ, 21 ਨਵੰਬਰ (ਪੋਸਟ ਬਿਊਰੋ): ਪਰਾਲੀ ਸਾੜਨ ਦੇ ਮਾਮਲੇ 'ਚ ਪੰਜਾਬ ਦੇ ਬਠਿੰਡਾ 'ਚ ਇਕ ਕਿਸਾਨ ਨੇ ਖੁਦਕੁਸ਼ੀ ਕਰ ਲਈ। 35 ਸਾਲਾ ਗੁਰਦੀਪ ਸਿੰਘ ਨੇ ਐੱਫ.ਆਈ.ਆਰ. ਦੇ ਡਰੋਂ ਖੁਦਕੁਸ਼ੀ ਕਰ ਲਈ ਹੈ। ਫਿਲਹਾਲ ਲਾਸ਼ ਨੂੰ ਕਬਜ਼ੇ 'ਚ ਲੈ ਕੇ ਜਾਂਚ ਸ਼ੁਰੂ ਕਰ ਦਿੱਤੀ ਗਈ ਹੈ। ਇਸ ਕਦਮ ਤੋਂ ਬਾਅਦ ਪਰਿਵਾਰ ਵਿਚ ਮਾਂ, ਪਤਨੀ ਅਤੇ 6 ਸਾਲ ਦੀ ਬੇਟੀ ਬੇਸਹਾਰਾ ਹੋ ਗਏ ਹਨ। ਜਾਣਕਾਰੀ ਅਨੁਸਾਰ ਮ੍ਰਿਤਕ ਗੁਰਦੀਪ ਸਿੰਘ ਕੋਲ 6 ਏਕੜ ਜ਼ਮੀਨ ਸੀ। ਜਿਸ 'ਤੇ ਉਹ ਖੇਤੀ ਕਰਕੇ ਆਪਣਾ ਗੁਜ਼ਾਰਾ ਚਲਾ ਰਿਹਾ ਸੀ। ਝੋਨੇ ਦੀ ਕਟਾਈ ਤੋਂ ਬਾਅਦ, ਉਸਨੇ ਪਰਾਲੀ ਨੂੰ ਹਟਾਉਣ ਲਈ ਅੱਗ ਦਾ ਸਹਾਰਾ ਲਿਆ। ਜਦੋਂ ਗੁਰਦੀਪ ਆਪਣੇ ਖੇਤਾਂ ਨੂੰ ਅੱਗ ਲਗਾ ਰਿਹਾ ਸੀ ਤਾਂ ਪੁਲਿਸ ਨੇ ਛਾਪਾ ਮਾਰਿਆ। ਉਸ ਸਮੇਂ ਗੁਰਦੀਪ ਭੱਜ ਗਿਆ ਪਰ ਬਾਅਦ ਵਿੱਚ ਉਸ ਨੇ ਖੁਦਕੁਸ਼ੀ ਕਰ ਲਈ।

ਦੱਸਿਆ ਜਾ ਰਿਹਾ ਹੈ ਕਿ ਪੰਜਾਬ ਪੁਲਿਸ ਪਰਾਲੀ ਸਾੜਨ ਵਾਲਿਆਂ ਖਿਲਾਫ ਸਖਤ ਕਾਰਵਾਈ ਕਰ ਰਹੀ ਹੈ। ਬਾਕੀਆਂ ਵਾਂਗ ਗੁਰਦੀਪ ਖਿਲਾਫ਼ ਵੀ ਐਫਆਈਆਰ ਦਰਜ ਕਰਨ ਦੀਆਂ ਤਿਆਰੀਆਂ ਕੀਤੀਆਂ ਜਾ ਰਹੀਆਂ ਸਨ। ਐਫਆਈਆਰ ਦਾ ਡਰ ਗੁਰਦੀਪ ਨੂੰ ਪ੍ਰੇਸ਼ਾਨ ਕਰਨ ਲੱਗਾ ਅਤੇ ਉਸ ਨੇ ਖੁਦਕੁਸ਼ੀ ਦਾ ਕਦਮ ਚੁੱਕ ਲਿਆ।












ਕੈਨੇਡੀਅਨ ਪੰਜਾਬੀ ਪੋਸਟ
Award winning news paper | Canadian Punjabi Post

# CLASSIFIEDS

Starting at just $10
ਕਿਸੇ ਵੀ ਤਰ੍ਹਾਂ ਦੀ ਐਡ ਦੇਣ ਲਈ
ਕਾਲ ਕਰੋ: 905-793-2202

## ਲੜਕੀ ਦੀ ਲੋੜ

ਨਾਈ ਸਿੱਖ ਲੜਕਾ, 1988, ਕੱਦ 5 ਫੁਟ, 6 ਇੰਚ, ਕੈਨੇਡਾ ਪੀ.ਆਰ., ਆਪਣਾ ਕੰਮ, ਵੈਸ਼ਨੂੰ ਪਰਿਵਾਰ, ਸੁੰਦਰ ਅਤੇ ਕੈਨੇਡਾ ਪੀ.ਆਰ. ਲੜਕੀ ਦੀ ਲੋੜ। ਸੰਪਰਕ: 9041527924

Sikh Tonk kashtriya Boy Feb/1993 Born, height 5.11", B.tech in computer science, On work permit PR applied. Working as a supervisor. Looking for beautiful PR/Work permit/ Study permit girl. Caste No Bar. Whatsapp or Call at +91 9417272807, +12269787777

ਜੱਟ ਸਿੱਖ ਲੜਕਾ, ਉਮਰ 28 ਸਾਲ, ਕੱਦ 5 ਫੁੱਟ 10 ਇੰਚ, ਲੜਕੇ ਦੀ ਇਕ ਭੈਣ ਹੈ, ਆਟੋ-ਮੋਟਿਵ ਪਾਵਰ ਟੈਕਨੀਸ਼ੀਅਨ, ਆਟੋਮੋਬਾਇਲ ਇੰਡਸਟਰੀ ਵਿਚ ਮਿਕੈਨਿਕ ਦੇ ਤੌਰ 'ਤੇ ਕੰਮ ਕਰ ਰਿਹਾ ਹੈ, ਕੈਨੇਡੀਅਨ ਪੀਆਰ ਹੈ, ਲਈ ਜੱਟ ਸਿੱਖ, ਪੜ੍ਹੀ ਲਿਖੀ ਲੜਕੀ ਦੀ ਲੋੜ ਹੈ। ਲੜਕੀ ਕੈਨੇਡਾ ਵਿਚ ਵਰਕ ਪਰਮਿਟ ਉਤੇ ਹੋਵੇ, ਸਟੱਡੀ ਪਰਮਿਟ ਉਤੇ ਜਾਂ ਪੀਆਰ ਹੋਲਡਰ ਹੋਵੇ। ਸੰਪਰਕ: (289) 380-6898

ਲੁਬਾਣਾ ਸਿੱਖ ਲੜਕਾ ਕੈਨੇਡੀਅਨ ਸਿਟੀਜ਼ਨ, ਉਮਰ 29, ਹਾਈਟ 5 ਫੁੱਟ 8 ਇੰਚ, ਸੈਲਫ ਇੰਪਲਾਇਡ ਲਈ ਬੀਐੱਸਸੀ ਨਰਸਿੰਗ ਜਾਂ ਵਰਕ ਪਰਮਿਟ 'ਤੇ ਆਈ ਲੜਕੀ ਦੀ ਜ਼ਰੂਰਤ ਹੈ। ਲੁਬਾਣਾ ਬਰਾਦਰੀ ਨੂੰ ਪਹਿਲ ਦਿੱਤੀ ਜਾਵੇਗੀ। ਸੰਪਰਕ: 7093510275

Looking for a Suitable match for Khatri Punjabi boy 36 yrs old 5,6.Boy have multiple Visitor Visa. Legally Divorced after a Short Marriage no issue .Boy is in Canada right now. Sister Well Settled in Toronto. No Caste bar, looking for Canadian P.R. or Citizen Contact on 6473004877 Email :- komal1128@gmail.com

ਸਿੱਖ ਅਰੋੜਾ ਲੜਕਾ, ਇਸ ਸਮੇਂ ਵਿਜ਼ਿਟਰ ਵੀਜ਼ੇ 'ਤੇ ਕੈਨੇਡਾ ਵਿਚ, ਯੋਗ ਕੰਨਿਆ ਦੀ ਜ਼ਰੂਰਤ ਹੈ। ਲੜਕੇ ਦੀ ਭੈਣ ਕੈਨੇਡਾ ਦੀ ਪੀ.ਆਰ. ਹੈ। ਪੰਜਾਬ ਵਿਚ ਚੰਗੀ ਜ਼ਮੀਨ ਅਤੇ ਬਿਜ਼ਨਸ ਹੈ। ਪਹਿਲੀ ਪਤਨੀ ਦੀ ਮੌਤ ਹੋ ਚੁੱਕੀ ਹੈ ਅਤੇ ਉਸ ਦਾ ਦੋ ਸਾਲ ਦਾ ਬੇਟਾ ਵੀ ਹੈ। ਜਾਤੀ ਬੰਧਨ ਨਹੀਂ। ਲੜਕੀ ਕੈਨੇਡਾ ਦੀ ਪੀ.ਆਰ. ਜਾਂ ਸਿਟੀਜਨ ਹੋਵੇ। ਸੰਪਰਕ: 647-625-5706

Well settled Punjabi Arora family seeks match for their PR son 34 years old, 6 feet tall, M.Com LLB, never smoking, never drinking, vegetarian, legally divorced after very short marriage, no relationship. Boy is almost unmarried. He is working as an officer in Leading Canadian Bank. Seeks educated family oriented girl from families in Canada/USA or new immigrant, PR, student or on work permit. Girl with very short marriage or never married will be preferred. Parents please send Bio-data and photo. Whatsapp or call at +1 9734209701, 437-770-3644 or email at ssjuneja@gmail.com.

## ਲੜਕੀ ਦੀ ਲੋੜ

ਕੈਨੇਡੀਅਨ ਸਿਟੀਜ਼ਨ, ਕੈਨੇਡਾ ਦੇ ਦੋ ਸੂਬਿਆਂ ਵਿਚ ਸਫ਼ਲ ਸਥਾਪਿਤ ਆਪਣਾ ਕਾਰੋਬਾਰ ਕਰਦੇ ਵੈੱਲ ਸੈਟਲਡ ਪਰਿਵਾਰ ਦੇ ਕੈਨੇਡਾ ਵਿਚ 16 ਸਾਲ ਤੋਂ ਰਹਿ ਰਹੇ ਲੜਕੇ, ਉਮਰ 32 ਸਾਲ, ਕੱਦ 5 ਫੁੱਟ, 10 ਇੰਚ, ਲਈ ਯੋਗ ਲੜਕੀ ਦੀ ਜ਼ਰੂਰਤ। ਸੰਪਰਕ ਕਰੋ: 204-510-7658 ਜਾਂ 437-881-7282

ਜੱਟ ਸਿੱਖ ਢਿੱਲੋਂ ਪਰਿਵਾਰ ਦਾ ਲੜਕਾ, ਉਮਰ 21 ਸਾਲ, ਕੱਦ 5'9", ਕੈਨੇਡਾ ਵਿਚ ਰਹਿ ਰਹੇ ਲੜਕੇ ਲਈ ਕੈਨੇਡੀਅਨ ਪੀ.ਆਰ./ਸਿਟੀਜਨ/ਵਰਕ ਪਰਮਿਟ/ਸਟੂਡੈਂਟ ਲੜਕੀ ਦੀ ਜਰੂਰਤ ਹੈ। ਲੜਕੀ ਦੀ ਉਮਰ 18 ਤੋਂ 22 ਸਾਲ ਦੀ ਹੋਵੇ।
ਸੰਪਰਕ: 437-223-2664

ਜੱਟ ਸਿੱਖ ਅੰਮ੍ਰਿਤਧਾਰੀ ਲੜਕਾ, ਉਮਰ 30 ਸਾਲ, ਕੱਦ 5'11", B.A./B.Sc., 3 ਸਾਲ ਇੰਸ਼ੋਰੈਂਸ ਕੰਪਨੀ ਵਿਚ ਕੰਮ ਕੀਤਾ, ਹੁਣ ਡੀ.ਵੀ. ਮਾਰਟ ਕੰਪਨੀ ਲੁਧਿਆਣਾ ਵਿਖੇ ਕੰਮ ਕਰ ਰਿਹਾ ਹੈ। ਲੜਕਾ ਇੰਡੀਆ ਵਿਚ ਰਹਿ ਰਿਹਾ ਹੈ, ਚੰਗੀ ਜ਼ਮੀਨ ਹੈ ਤੇ ਇੱਕ ਭੈਣ ਕੈਨੇਡਾ ਵਿਚ ਵੈਲ ਸੈਟਲਡ ਹੈ, ਲਈ ਕੈਨੇਡੀਅਨ ਪੀ.ਆਰ./ਸਿਟੀਜਨ/ਵਰਕ ਪਰਮਿਟ ਉਤੇ ਰਹਿ ਰਹੀ ਲੜਕੀ ਦੀ ਲੋੜ ਹੈ। ਇੰਡੀਆ ਵਿਚ ਚੰਗੀ ਪੜ੍ਹੀ ਲਿਖੀ ਲੜਕੀ ਦਾ ਪਰਿਵਾਰ ਵੀ ਸੰਪਰਕ ਕਰ ਸਕਦਾ ਹੈ। ਸੰਪਰਕ: 416-219-8282, arshdeepkaurthind9@gmail.com.

Beautiful match, below 35yrs, for smart JatSikh boy, Canada PR, 39/5-11" BE/MBA, Highly paid job, R/U property in Canada/India, issueless divorcee, caste no bar, respond only with pics & details. **Whatsapp +16474968844 Email : matchjatt2018@gmail.com**

ਜੱਟ ਸਿੱਖ ਲੜਕਾ, 1994 ਕੱਦ 5 '11 , ਜੋ ਕਿ ਇੰਡੀਆ ਵਿਚ ਚੰਗੀ ਜੋਬ ਕਰਦਾ ਹੈ, ਲਈ ਕੈਨੇਡੀਅਨ ਪੀ ਆਰ, ਸਿਟੀਜਨ ਲੜਕੀ ਦੀ ਲੋੜ ਹੈ, ਸਟੱਡੀ ਵੀਜ਼ੇ ਵਾਲੇ ਵੀ ਸੰਪਰਕ ਕਰ ਸਕਦੇ ਹਨ। 416 400 2604 ਵਟਸਐੱਪ 8920619746

ਜੱਟ ਸਿੱਖ ਉਮਰ 28 ਸਾਲ ਕੱਦ 5"8 ਸਾਰੀ ਫੈਮਲੀ ਕਨੈਡਾ ਵਿਚ । ਲੜਕੇ ਨੇ 12 ਗਰੇਡ ਕੀਤੇ ਹੋਏ ਹਨ ਟਰੱਕਿੰਗ ਕੰਪਨੀ ਨਾਲ ਕੰਮ ਕਰ ਰਿਹਾ ਹੈ, ਚੰਗੀ ਆਮਦਨ ਆਪਣਾ ਘਰ ਜੋ ਕੇ ਕਿਰਾਏ ਤੇ ਦਿਤਾ ਹੈ। ਸਾਰੀ ਫੈਮਲੀ ਕੈਨੈਡਾ ਵਿਚ, ਫੈਮਲੀ ਦੇ ਨਾਲ ਹੀ ਰਹਿ ਰਿਹਾ ਹੈ। ਜਲੰਧਰ ਜਿਲ੍ਹੇ ਨੂੰ ਪਹਿਲ , ਲੜਕੀ ਸਿਟੀਜ਼ਨ, ਪੀਆਰ ਜਾਂ ਵਿਜ਼ਟਰ ਕੋਈ ਵੀ ਹੋਵੇ। ਸੰਪਰਕ : 647-948-8474 647-670-8013

ਜੱਟ ਸਿੱਖ ਲੜਕਾ ਉਮਰ 35 ਸਾਲ ਕੱਦ 5'11" ਕਨੇਡੀਅਨ ਜਮ-ਪਲ, ਗੌਰਮਿੰਟ ਨੌਕਰੀ ਕਰਦਾ ਹੈ, ਦੇ ਵਾਸਤੇ ਲੜਕੀ ਦੀ ਲੋੜ ਹੈ। ਲੜਕੀ ਸਿੱਖ ਪਰਵਾਰ ਦੀ ਹੋਵੇ ਕੋਈ ਜਾਤ ਪਾਤ ਨਹੀਂ, ਲੜਕੀ ਪੀਆਰ ਜਾਂ ਸਟੂਡੈਂਟ ਹੋਵੇ ਤਾਂ ਵੀ ਵਿਚਾਰ ਕੀਤੀ ਜਾ ਸਕਦੀ ਹੈ। ਵਧੇਰੇ ਜਾਣਕਾਰੀ ਲਈ ਸੰਪਰਕ ਕਰੋ: (647)297-6661

## ਲੜਕੇ ਦੀ ਲੋੜ

ਕੈਨੇਡਾ (ਬਰੈਪਟਨ) ਪੀ ਆਰ ਦਰਜੀ ਸਿੰਘ (ਛੀਂਬਾ) ਤਲਾਕਸ਼ੁਦਾ ਲੜਕੀ B.Sc.Nursing, 33 ਸਾਲ 5' 2" ਲਈ ਪਗੜੀਧਾਰੀ ਲੜਕੇ ਦੀ ਲੋੜ। +919417939114

Need suitable match for 58 years old Hindu (Khatri) lady (Non Manglik), Height 5'3". Seeking a trustworthy man upto 65 years. Contact :- 647-323-5428.

Qualified match for beautiful never married Punjabi Khatri girl 5'7" 35 years Software Engineer at Toronto .Canada PR. Well settled in IT job . Good family.call +16475649350 email marti.mail.20@gmail.com

Saini Sikh family seeks a suitable match for their beautiful daughter, born and raised in Canada, 36 years old, slim, 5'4" tall, has a bachelor's degree, has a good job, divorced after short marriage. The boy should be educated, well settled, handsome, Canadian born. Please send bio-data and pictures on whatsapp. Phone :- 437-288-6010. Caste no bar.

'Qualified match for beautiful never married 81 born girl, Canada PR, well settled in job with Pharma co at Toronto. Call: +16475649350, Email: skvmatri49@gmail.com

Seeking a suitable match for Canadian citizen Ramdasia Sikh (GNM). Born August 1987 and height 5'1 .Working as a unit clerk (Government of Alberta) . Boy should be vegetarian and educated.Family settled in Canada Mother and Father in India.Please send complete biodata and pictures at ekamjotdahiya@gmail.com Contact number-+17802222608, +919988297352

ਜੱਟ ਸਿੱਖ ਧਾਲੀਵਾਲ ਕੱਦ 5 ਫੁੱਟ 6 ਇੰਚ, ਉਮਰ 25 ਸਾਲ ਐਮਐਸਸੀ ਮੈਥ, ਇੰਡੀਆ ਵਿਚ ਰਹਿ ਰਹੀ ਲੜਕੀ ਲਈ ਜੱਟ ਸਿੱਖ ਕੈਨੇਡੀਅਨ ਇਮੀਗ੍ਰਾਂਟ ਜਾਂ ਸਿਟੀਜਨ ਲੜਕੇ ਦੀ ਲੋੜ ਹੈ। ਲੜਕੀ ਆਈਲਟਸ ਦਾ ਕੋਰਸ ਕਰ ਰਹੀ ਹੈ। ਜ਼ਿਆਦਾ ਜਾਣਕਾਰੀ ਲਈ ਹੇਠ ਲਿਖੇ ਨੰਬਰ ਉਤੇ ਸੰਪਰਕ ਕੀਤਾ ਜਾ ਸਕਦਾ ਹੈ। 613-799-8090,
ਈਮੇਲ- Singhmanmohan2006@gmail.com

## ਲੜਕੇ ਦੀ ਲੋੜ

ਗਿੱਲ ਜੱਟ ਸਿੱਖ, 1992, ਇਕਲੌਤੀ, B.Tech. ਲੜਕੀ ਲਈ ਗੁਰਸਿੱਖ ਕੈਨੇਡੀਅਨ ਸੈਟਲਡ ਪਰਿਵਾਰ ਦੇ ਲੜਕੇ ਦੀ ਲੋੜ। ਸੰਪਰਕ: 9464034653, 2364582228

ਜੱਟ ਸਿੱਖ ਲੜਕੀ, ਉਮਰ 27 ਸਾਲ, ਕੱਦ 5 ਫੁੱਟ 4", ਬੀ.ਏ ਪਾਸ, ਹੇਅਰ ਐਂਡ ਸਕਿੱਨ ਕੇਅਰ ਡਿਪਲੋਮਾ (ਆਈ. ਟੀ.ਆਈ) ਕੰਪਿਊਟਰ ਡਿਪਲੋਮਾ ਇੱਕ ਸਾਲ ਕੀਤਾ ਹੋਇਆ, ਵਿਜ਼ਟਰ ਵੀਜ਼ੇ 'ਤੇ ਕੇਨੈਡਾ ਆਈ ਹੋਈ, ਲਈ ਕੈਨੇਡੀਅਨ ਜੱਟ ਸਿੱਖ ਪੀ.ਆਰ ਲੜਕੇ ਦੀ ਲੋੜ। ਸੰਪਰਕ: 1-905-451-1716, +919876533403

ਕੈਨੇਡਾ ਪੀ ਆਰ ਲੜਕੀ ਲਈ ਵਰ ਦੀ ਲੋੜ, 1991/5'3", ਲਈ ਸ਼ੁਧ ਵੈਸ਼ਨੂੰ ਲੜਕੇ ਦੀ ਲੋੜ। ਕੈਨੇਡਾ ਨੂੰ ਪਹਿਲ। ਸੰਪਰਕ: 9855238175

ਜੱਟ ਸਿੱਖ 1996/5'-3", ਇੰਟਰਨੈਸ਼ਨਲ ਬਿਜ਼ਨੈੱਸ ਮੈਨੇਜਮੈਂਟ (ਕੈਨੇਡਾ ਪੀ-ਆਰ) ਲੜਕੀ ਲਈ ਕੈਨੇਡਾ ਪੀਆਰ/ਨਾਨ-ਪੀਆਰ ਲੜਕਾ ਚਾਹੀਦਾ ਹੈ। ਮਾਲਵੇ ਨੂੰ ਤਰਜੀਹ। ਸੰਪਰਕ: 9478403300

ਜੱਟ ਸਿੱਖ ਗਿੱਲ ਪਰਿਵਾਰ ਦੀ ਸੁੰਦਰ ਤੇ ਸੁਸ਼ੀਲ ਲੜਕੀ, ਜਨਮ ਮਿਤੀ 04-02-1991, ਕੱਦ 5 ਫੁੱਟ 3 ਇੰਚ, ਬੀਐੱਸਸੀ, ਐੱਮਐੱਸਸੀ (ਹਾਨਰਜ਼) ਬਾਇਓਫਿਜਿਕਸ + ਐੱਲਐੱਲਬੀ ਕੀਤੀ ਹੋਈ ਹੈ। ਆਈਲੈਟਸ ਵਿਚੋਂ 8 ਬੈਂਡ ਹਨ। ਐਕਸਪ੍ਰੈੱਸ ਐਂਟਰੀ ਵਿਚ ਇੰਡੀਆ ਤੋਂ ਕੈਨੇਡਾ ਪੀਆਰ ਦੀ ਫਾਈਲ ਲੱਗੀ ਹੋਈ ਹੈ। ਅੱਜ ਕੱਲ੍ਹ ਪੰਜਾਬ ਅਤੇ ਹਰਿਆਣਾ ਹਾਈਕੋਰਟ ਵਿਚ ਵਕੀਲ ਹੈ। ਲੜਕੀ ਨਾਨ ਵੈਜ ਖਾ ਲੈਂਦੀ ਹੈ। ਪੂਰਾ ਪਰਿਵਾਰ ਕੋਟਕਪੂਰਾ, ਜਿਲਾ ਫਰੀਦਕੋਟ, ਪੰਜਾਬ ਵਿਖੇ ਰਹਿ ਰਿਹਾ ਹੈ। ਨਿਊਕਲੀਅਰ ਪਰਿਵਾਰ ਹੈ, ਇਕ ਭਰਾ ਕੈਨੇਡਾ ਵਿਚ ਪੀਆਰ ਹੈ। ਲੜਕੀ ਦੇ ਪਿਤਾ ਪੰਜਾਬ ਪੁਲਸ ਵਿਚ ਨੌਕਰੀ ਕਰ ਰਹੇ ਹਨ। ਲੜਕੀ ਲਈ ਜੱਟ ਸਿੱਖ ਪਰਿਵਾਰ ਦੇ ਕੈਨੇਡਾ ਜਾਂ ਅਮਰੀਕਾ ਵਿਚ ਰਹਿੰਦੇ ਪੜ੍ਹੇ ਲਿਖੇ ਲੜਕੇ ਦੀ ਲੋੜ ਹੈ। ਸੰਪਰਕ:- ਕੈਨੇਡਾ +16476866500

Looking for PQ and Genuine Jat Sikh boy for 35/5 -7" beautiful, slim Software Engineer girl working in GTA (Canada PR) Innocently divorced in few months (Non-consummated Marriage).Caste no bar.Respond with your details at bestmatri10@gmail.com/+1647-267-3104

ਜੱਟ ਸਿੱਖ ਉਮਰ 35 ਸਾਲ ਕੱਦ 5'11" ਪਤਲੀ ਰੰਗ ਗੋਰਾ, ਜਿਸ ਦੇ ਪਹਿਲੇ ਪਤੀ ਦੀ ਮੌਤ ਹੋ ਚੁਕੀ ਹੈ ਅਤੇ 9 ਸਾਲ ਦੀ ਇਕ ਲੜਕੀ ਹੈ। ਚੰਗੀ ਜਾਇਦਾਦ ਦੀ ਮਾਲਕ ਹੈ। ਲੋੜ ਪੈਣ ਤੇ 9 ਸਾਲ ਦੀ ਲੜਕੀ ਵੀ ਉਸ ਦੀ ਭੈਣ ਦੁਆਰਾ ਅਡਾਪਟ ਕੀਤੀ ਜਾ ਸਕਦੀ ਹੈ, ਲਈ ਅਮਰੀਕਨ ਜਾਂ ਕਨੇਡੀਅਨ ਇੰਮੀਗਰਾਂਟ ਵਰ ਦੀ ਲੋੜ ਹੈ। ਜਿਆਦਾ ਜਣਕਾਰੀ ਲਈ ਹੇਠ ਲਿਖੇ ਨੰ ਤੇ ਸੰਪਰਕ ਕੀਤਾ ਜਾ ਸਕਦਾ ਹੈ। 1-780-604-6580

ਜੱਟ ਸਿੱਖ ਢਿੱਲੋਂ ਪਰਿਵਾਰ ਦੀ ਲੜਕੀ, ਉਮਰ 28 ਸਾਲ, ਕੱਦ 5'2" ਕੈਨੇਡੀਅਨ ਪੀ.ਆਰ. ਲਈ ਪੜ੍ਹੇ ਲਿਖੇ ਅਤੇ ਵੈਲ ਸੈਟਲਡ ਪੀ.ਆਰ./ਸਿਟੀਜਨ ਲੜਕੇ ਦੀ ਲੋੜ ਹੈ। ਲੜਕੇ ਦੀ ਉਮਰ 25 ਤੋਂ 30 ਸਾਲ ਦੇ ਵਿਚਕਾਰ ਹੋਵੇ। ਸੰਪਰਕ: 437-223-2664

ਜੱਟ ਸਿੱਖ ਲੜਕੀ, ਉਮਰ 33 ਸਾਲ, ਕੱਦ 5 ਫੁੱਟ 4 ਇੰਚ, ਇੰਡੀਆ ਤੋਂ MBA ਅਤੇ ਕੈਨੇਡਾ ਤੋਂ Marketing Management, Food Media ਦੀ ਪੜ੍ਹਾਈ ਕੀਤੀ ਹੋਈ ਹੈ। ਇੱਥੇ Health Care Screener ਦੇ ਤੌਰ 'ਤੇ ਕੰਮ ਕਰਦੀ ਹੈ, ਲਈ ਕੈਨੇਡੀਅਨ ਜਾਂ ਅਮਰੀਕਨ PR/Citizen ਲੜਕੇ ਦੀ ਲੋੜ ਹੈ। ਸੰਪਰਕ: 437-332-8422 E-mail : puneetasra17october@gmail.com













# ਗੰਨੇ ਦਾ ਰੇਟ ਵਧਾਉਣ ਲਈ ਕਿਸਾਨਾਂ ਨੇ ਪੰਜਾਬ ਸਰਕਾਰ ਖਿਲਾਫ ਖੋਲ੍ਹਿਆ ਮੋਰਚਾ, ਜਲੰਧਰ-ਲੁਧਿਆਣਾ ਹਾਈਵੇਅ ਕੀਤਾ ਬੰਦ, ਲਗਾਏ ਟੈਂਟ



ਚੰਡੀਗੜ੍ਹ, 21 ਨਵੰਬਰ (ਪੋਸਟ ਬਿਊਰੋ): ਪੰਜਾਬ ਦੇ ਜਲੰਧਰ ਵਿਚ ਕਿਸਾਨਾਂ ਨੇ ਇਕ ਵਾਰ ਫਿਰ ਪੰਜਾਬ ਸਰਕਾਰ ਖਿਲਾਫ ਮੋਰਚਾ ਖੋਲ੍ਹ ਦਿੱਤਾ ਹੈ। ਯੂਨਾਈਟਿਡ ਕਿਸਾਨ ਮੋਰਚਾ ਦੇ ਸੱਦੇ 'ਤੇ ਕਿਸਾਨ ਜੱਥੇਬੰਦੀ ਨੇ ਗੰਨੇ ਦੇ ਰੇਟਾਂ 'ਚ ਵਾਧੇ ਅਤੇ ਹੋਰ ਮੰਗਾਂ ਨੂੰ ਲੈ ਕੇ ਜਲੰਧਰ-ਲੁਧਿਆਣਾ ਹਾਈਵੇ 'ਤੇ ਧਰਨਾ ਸ਼ੁਰੂ ਕਰ ਦਿੱਤਾ ਹੈ।

ਕਿਸਾਨਾਂ ਨੇ ਜਲੰਧਰ-ਲੁਧਿਆਣਾ ਮੁੱਖ ਮਾਰਗ ਦੇ ਇੱਕ ਪਾਸੇ ਟੈਂਟ ਲਗਾ ਦਿੱਤੇ ਹਨ। ਕਿਸਾਨ ਜੱਥੇਬੰਦੀਆਂ ਦੂਰ-ਦੂਰ ਤੋਂ ਧਰਨੇ ਵਿੱਚ ਪਹੁੰਚ ਰਹੀਆਂ ਹਨ। ਇਸ ਦੇ ਨਾਲ ਹੀ ਪੁਲਿਸ ਨੇ ਟ੍ਰੈਫਿਕ ਨੂੰ ਡਾਇਵਰਟ ਕਰ ਦਿੱਤਾ ਹੈ। ਹਾਈਵੇਅ ਜਾਮ ਕਾਰਨ ਸ਼ਹਿਰ ਵਿੱਚ ਟ੍ਰੈਫਿਕ ਦਾ ਵੀ ਬੁਰਾ ਹਾਲ ਹੈ।

ਇਸ ਸਬੰਧੀ ਬੀਕੇਯੂ ਦੋਆਬਾ ਦੇ ਸੂਬਾ ਪ੍ਰਧਾਨ ਮਨਜੀਤ ਸਿੰਘ ਰਾਏ ਨੇ ਵੱਧ ਤੋਂ ਵੱਧ ਕਿਸਾਨਾਂ ਨੂੰ ਇਸ ਧਰਨੇ ਵਿੱਚ ਸ਼ਾਮਿਲ ਹੋਣ ਦੀ ਅਪੀਲ ਕੀਤੀ ਹੈ। ਇਹ ਧਰਨਾ ਧਨੋਲੀ ਗੇਟ ਨੇੜੇ ਲਗਾਇਆ ਜਾ ਰਿਹਾ ਹੈ, ਜਿਸ ਕਾਰਨ ਜਲੰਧਰ-ਫਗਵਾੜਾ-ਲੁਧਿਆਣਾ ਮੁੱਖ ਮਾਰਗ ਪੂਰੀ ਤਰ੍ਹਾਂ ਬੰਦ ਰਹੇਗਾ।

ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਸਾਨ ਆਗੂ ਨੇ ਕਿਹਾ ਕਿ ਕੋਈ ਵੀ ਕਿਸਾਨ ਹਾਈਵੇਅ ਬੰਦ ਕਰਨ ਦੇ ਹੱਕ ਵਿੱਚ ਨਹੀਂ ਹੈ। ਸਰਕਾਰ ਨੂੰ ਜਗਾਉਣ ਲਈ ਅਜਿਹੇ ਕਦਮ ਚੁੱਕਣੇ ਪੈਣਗੇ। ਗੰਨਾ ਕਾਸ਼ਤਕਾਰਾਂ ਦਾ ਸਰਕਾਰਾਂ ਕਾਰਨ ਭਾਰੀ ਨੁਕਸਾਨ ਹੋ ਰਿਹਾ ਹੈ। ਸਰਕਾਰ ਮਿੱਲ ਨੂੰ ਚੱਲਣ ਨਹੀਂ ਦੇ ਰਹੀ। ਜਿਸ ਕਾਰਨ ਕਿਸਾਨਾਂ ਦਾ ਭਾਰੀ ਨੁਕਸਾਨ ਹੋ ਰਿਹਾ ਹੈ। ਉਨ੍ਹਾਂ ਨੇ ਕਿਹਾ ਕਿ ਕਿਸਾਨਾਂ ਦੀ ਗੰਨੇ ਦੀ ਫਸਲ ਤਿਆਰ ਹੈ ਅਤੇ ਸਰਕਾਰ ਨੇ ਅਜੇ ਤੱਕ ਮਿੱਲਾਂ ਨਹੀਂ ਖੋਲ੍ਹੀਆਂ ਹਨ। ਨਾ ਹੀ ਗੰਨੇ ਦੇ ਰੇਟ ਵਧਾਏ ਜਾ ਰਹੇ ਹਨ। ਕਿਸਾਨਾਂ ਨੇ ਕਿਹਾ ਕਿ ਸਾਡਾ ਕਿਸੇ ਨੂੰ ਪ੍ਰੇਸ਼ਾਨ ਕਰਨ ਦਾ ਕੋਈ ਇਰਾਦਾ ਨਹੀਂ ਹੈ।

# ਪੇਡਾ ਵੱਲੋਂ ਪੰਜਾਬ ਵਿੱਚ 10 ਸੀ.ਬੀ.ਜੀ. ਪਲਾਂਟ ਸਥਾਪਤ ਕਰਨ ਲਈ ਗੇਲ (ਇੰਡੀਆ) ਨਾਲ ਸਮਝੌਤਾ



ਚੰਡੀਗੜ੍ਹ, 21 ਨਵੰਬਰ (ਗਿਆਨ ਸਿੰਘ): ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਵਚਨਬੱਧਤਾ ਅਨੁਸਾਰ ਫ਼ਸਲਾਂ ਦੀ ਰਹਿੰਦ-ਖੂੰਹਦ ਦੀ ਸੁਚਾਰੂ ਵਰਤੋਂ ਅਤੇ ਪਰਾਲੀ ਸਾੜਨ ਤੋਂ ਰੋਕਣ ਦੀ ਦਿਸ਼ਾ ਵੱਲ ਕਦਮ ਚੁੱਕਦਿਆਂ ਪੰਜਾਬ ਊਰਜਾ ਵਿਕਾਸ ਏਜੰਸੀ (ਪੇਡਾ) ਨੇ ਨਵੀਂ ਤੇ ਨਵਿਆਉਣਯੋਗ ਊਰਜਾ ਸ੍ਰੋਤ ਮੰਤਰੀ ਅਮਨ ਅਰੋੜਾ ਦੀ ਅਗਵਾਈ ਹੇਠ ਗੇਲ (ਇੰਡੀਆ) ਲਿਮਟਿਡ ਨਾਲ ਸਮਝੌਤਾ ਸਹੀਬੱਧ ਕੀਤਾ, ਜਿਸ ਨਾਲ ਗੇਲ ਵੱਲੋਂ ਸੂਬੇ ਵਿੱਚ 10 ਕੰਪਰੈੱਸਡ ਬਾਇਓਗੈਸ (ਸੀ.ਬੀ.ਜੀ.) ਪ੍ਰੋਜੈਕਟ ਅਤੇ ਨਵੀਂ ਤੇ ਨਵਿਆਉਣਯੋਗ ਊਰਜਾ ਦੇ ਹੋਰ ਪ੍ਰੋਜੈਕਟਾਂ ਦੀ ਸਥਾਪਨਾ ਦਾ ਰਾਹ ਪੱਧਰਾ ਹੋ ਗਿਆ ਹੈ।

ਇਸ ਸਮਝੌਤੇ 'ਤੇ ਪੇਡਾ ਦੇ ਮੁੱਖ ਕਾਰਜਕਾਰੀ ਅਧਿਕਾਰੀ (ਸੀ.ਈ.ਓ.) ਡਾ. ਅਮਰਪਾਲ ਸਿੰਘ ਅਤੇ ਗੇਲ (ਇੰਡੀਆ) ਦੇ ਕਾਰਜਕਾਰੀ ਡਾਇਰੈਕਟਰ (ਬਿਜ਼ਨਸ ਡਿਵੈਲਪਮੈਂਟ ਅਤੇ ਈ ਐਂਡ ਪੀ) ਆਰ.ਕੇ. ਸਿੰਘਲ ਨੇ ਨਵੀਂ ਅਤੇ ਨਵਿਆਉਣਯੋਗ ਊਰਜਾ ਸਰੋਤ ਵਿਭਾਗ ਦੇ ਸਕੱਤਰ ਡਾ. ਰਵੀ ਭਗਤ ਦੀ ਮੌਜੂਦਗੀ ਵਿੱਚ ਹਸਤਾਖਰ ਕੀਤੇ।

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ 10 ਸੀ.ਬੀ.ਜੀ. ਪ੍ਰਾਜੈਕਟਾਂ ਦੀ ਸਥਾਪਨਾ ਲਈ ਸਮਝੌਤਾ ਸਹੀਬੱਧ ਕਰਨ 'ਤੇ ਗੇਲ (ਇੰਡੀਆ) ਲਿਮਟਿਡ ਅਤੇ ਪੇਡਾ ਨੂੰ ਵਧਾਈ ਦਿੱਤੀ। ਉਹਨਾਂ ਨੇ ਪੇਡਾ ਨੂੰ ਗੇਲ (ਇੰਡੀਆ) ਨੂੰ ਪੂਰਾ ਸਹਿਯੋਗ ਦੇਣ ਲਈ ਵੀ ਕਿਹਾ।

ਅਮਨ ਅਰੋੜਾ ਨੇ ਕਿਹਾ ਕਿ ਇਹ ਸਮਝੌਤਾ ਸੂਬੇ ਨੂੰ ਸਾਲਾਨਾ 5 ਲੱਖ ਟਨ ਪਰਾਲੀ ਦਾ ਨਿਪਟਾਰਾ ਕਰਨ ਅਤੇ ਇਸ ਤੋਂ ਸਾਫ਼-ਸੁਥਰੀ ਊਰਜਾ ਪੈਦਾ ਕਰਨ ਵਿੱਚ ਮਦਦ ਕਰੇਗਾ। ਪੰਜਾਬ ਇੱਕ ਖੇਤੀ ਪ੍ਰਧਾਨ ਸੂਬਾ ਹੈ ਅਤੇ ਇੱਥੇ ਫ਼ਸਲਾਂ ਦੀ ਰਹਿੰਦ-ਖੂੰਹਦ 'ਤੇ ਅਧਾਰਿਤ ਸੀ.ਬੀ.ਜੀ. ਪਲਾਂਟਾਂ ਦੀ ਅਥਾਹ ਸੰਭਾਵਨਾਵਾਂ ਹਨ। ਉਨ੍ਹਾਂ ਅੱਗੇ ਕਿਹਾ ਕਿ ਪੰਜਾਬ ਸਰਕਾਰ ਦੀਆਂ ਵਪਾਰ ਪੱਖੀ ਨੀਤੀਆਂ ਬਹੁ-ਕੌਮੀ ਕੰਪਨੀਆਂ ਨੂੰ ਸੂਬੇ ਵਿੱਚ ਨਿਵੇਸ਼ ਲਈ ਉਤਸ਼ਾਹਿਤ ਕਰ ਰਹੀਆਂ ਹਨ।

ਸਕੱਤਰ ਐਨ.ਆਰ.ਈ.ਐਸ. ਡਾ. ਰਵੀ ਭਗਤ ਨੇ ਦੱਸਿਆ ਕਿ ਇਨ੍ਹਾਂ 10 ਪ੍ਰੋਜੈਕਟਾਂ ਦੀ ਸਥਾਪਨਾ ਨਾਲ ਲਗਭਗ 1.25 ਲੱਖ ਏਕੜ ਰਕਬੇ ਵਿੱਚ ਪਰਾਲੀ ਸੜਨ ਤੋਂ ਬਚਣ ਦੀ ਉਮੀਦ ਹੈ। ਉਨ੍ਹਾਂ ਕਿਹਾ ਕਿ ਇਨ੍ਹਾਂ ਪਲਾਂਟਾਂ ਨੂੰ ਪਰਾਲੀ ਦੀ ਸਪਲਾਈ ਲਈ ਪਿੰਡ ਪੱਧਰ 'ਤੇ ਉੱਦਮੀ ਵੀ ਪੈਦਾ ਹੋਣਗੇ, ਜਿਸ ਨਾਲ ਅੱਗੇ 500 ਤੋਂ ਵੱਧ ਵਿਅਕਤੀਆਂ ਲਈ ਰੋਜ਼ਗਾਰ ਵੀ ਪੈਦਾ ਹੋਵੇਗਾ।

ਸੀ.ਈ.ਓ ਡਾ. ਅਮਰਪਾਲ ਸਿੰਘ ਨੇ ਦੱਸਿਆ ਕਿ ਇਨ੍ਹਾਂ ਪ੍ਰੋਜੈਕਟਾਂ ਤੋਂ ਪੈਦਾ ਹੋਣ ਵਾਲੇ ਸੀ.ਬੀ.ਜੀ. ਨਾਲ 250 ਤੋਂ ਵੱਧ ਵਿਅਕਤੀਆਂ ਨੂੰ ਸਿੱਧੇ ਤੌਰ 'ਤੇ ਅਤੇ 600 ਦੇ ਕਰੀਬ ਲੋਕਾਂ ਨੂੰ ਅਸਿੱਧੇ ਤੌਰ 'ਤੇ ਰੋਜ਼ਗਾਰ ਮਿਲੇਗਾ। ਇਸ ਮੌਕੇ ਪੇਡਾ ਦੇ ਡਾਇਰੈਕਟਰ ਐਮ.ਪੀ. ਸਿੰਘ, ਜੀ.ਐਮ. ਮਾਰਕੀਟਿੰਗ ਗੇਲ ਆਕਾਸ਼ ਅਤੇ ਡਿਪਟੀ ਜੀ.ਐਮ. ਗੇਲ ਕੇ.ਜੇ. ਸਿੰਘ ਵੀ ਹਾਜ਼ਰ ਸਨ।

# 1947 ਦੀ ਵੰਡ ਵੇਲੇ ਦੇ ਵਿਛੜੇ, ਮੱਕਾ ਵਿਚ ਹੋਇਆ ਮਿਲਾਪ





ਚੰਡੀਗੜ੍ਹ 21 ਨਵੰਬਰ (ਪੋਸਟ ਬਿਊਰੋ): ਭਾਰਤ ਅਤੇ ਪਾਕਿਸਤਾਨ ਦੀ 1947 ਦੀ ਵੰਡ ਵੇਲੇ ਲੱਖਾਂ ਪਰਿਵਾਰ ਆਪਣਿਆਂ ਤੋਂ ਵਿਛੜ ਗਏ . ਅੱਜ ਵੀ ਚੜ੍ਹਦੇ ਅਤੇ ਲਹਿੰਦੇ ਪੰਜਾਬ ਦੇ ਵਿਛੜੇ ਪਰਿਵਾਰਾਂ 'ਚ ਆਪਣਿਆਂ ਨੂੰ ਮਿਲਣ ਦੀ ਦਿਲ 'ਚ ਤਾਂਘ ਹੈ . ਇਨ੍ਹਾਂ ਪਰਿਵਾਰਾਂ ਦੇ ਅੱਧੇ ਲੋਕ ਭਾਰਤੀ ਅਤੇ ਅੱਧੇ ਪਾਕਿਸਤਾਨੀ ਨਾਗਰਿਕ ਬਣ ਗਏ ਹਨ। ਇਨ੍ਹਾਂ ਨੂੰ ਵਿਛੜਿਆ 75 ਸਾਲ ਬੀਤ ਚੁੱਕੇ ਹਨ ਪਰ ਅੱਜ ਵੀ ਇਹ ਲੋਕ ਆਪਣੇ ਪਰਿਵਾਰਾਂ ਨੂੰ ਮਿਲਣ ਲਈ ਤਰਸਦੇ ਹਨ। ਇਨ੍ਹਾਂ ਵਿਛੜੇ ਪਰਿਵਾਰਾਂ ਵਿੱਚ ਇੱਕ ਹਜ਼ਰਾ ਬੀਬੀ ਦੀ ਵੀ ਅਜਿਹੀ ਹੀ ਇੱਛਾ ਸੀ, ਜੋ ਕਿ 1947 ਦੀ ਵੰਡ ਵੇਲੇ ਪਾਕਿਸਤਾਨ ਚਲੀ ਗਈ ਸੀ। ਹਜ਼ਰਾ ਬੀਬੀ ਦੀ ਉਮਰ 105 ਸਾਲ ਦੀ ਹੋ ਚੁੱਕੀ ਹੈ ਅਤੇ ਹੁਣ ਪਾਕਿਸਤਾਨੀ ਯੂਟਿਊਬਰ ਨਾਸਿਰ ਢਿੱਲੋਂ ਦੀ ਮੱਦਦ ਨਾਲ ਆਪਣੇ ਪਰਿਵਾਰ ਨੂੰ ਮਿਲਣਾ ਨਸੀਬ ਹੋਇਆ ਹੈ। ਉਸਦਾ ਪਰਿਵਾਰ ਪੰਜਾਬ ਦੇ ਗੁਰਦਾਸਪੁਰ 'ਚ ਰਹਿੰਦਾ ਹੈ। ਦੋਵਾਂ ਪਾਸੋਂ ਲਗਭਗ 17 ਮਹੀਨਿਆਂ ਤੋਂ ਮਿਲਣ ਦੀ ਕੋਸ਼ਿਸ਼ ਕੀਤੀ ਜਾ ਰਹੀ ਸੀ ਪਰ ਹੁਣ ਉਨ੍ਹਾਂ ਦਾ ਮੱਕਾ ਵਿਖੇ ਮਿਲਾਪ ਹੋਇਆ ਹੈ। ਪਿਛਲੇ ਵੀਰਵਾਰ (16 ਨਵੰਬਰ) ਹਜ਼ਰਾ ਬੀਬੀ ਨੇ ਮੱਕਾ, ਸਾਊਦੀ ਅਰਬ ਵਿੱਚ ਆਪਣੀ ਭਤੀਜੀ ਹਨੀਫਾ ਨਾਲ ਮੁਲਾਕਾਤ ਕੀਤੀ। ਦੋਵੇਂ ਹੱਜ ਲਈ ਮੱਕਾ ਦੇ ਕਾਬਾ ਗਏ ਸਨ, ਜਿੱਥੇ ਉਨ੍ਹਾਂ ਦੀ ਮੁਲਾਕਾਤ ਹੋਈ। ਹਜ਼ਰਾ ਦੀ ਭੈਣ ਵੰਡ ਵੇਲੇ ਪੰਜਾਬ ਰਹਿ ਗਈ ਸੀ .

ਪਾਕਿਸਤਾਨੀ ਯੂਟਿਊਬਰ ਨਾਸਿਰ ਢਿੱਲੋਂ ਨੇ ਦੱਸਿਆ ਕਿ ਹਜ਼ਰਾ ਅਤੇ ਹਨੀਫਾ ਨੇ ਪਿਛਲੇ ਸਾਲ ਜੂਨ 'ਚ ਪਹਿਲੀ ਵਾਰ ਫੋਨ 'ਤੇ ਗੱਲ ਕੀਤੀ ਸੀ ਅਤੇ ਫਿਰ ਹਜ਼ਰਾ ਬੀਬੀ ਨੂੰ ਪਤਾ ਲੱਗਾ ਕਿ ਹਨੀਫਾ ਦੀ ਮਾਂ ਅਤੇ ਹਜ਼ਰਾ ਦੀ ਛੋਟੀ ਭੈਣ ਮਜੀਦਾ ਪੂਰੇ ਹੀ ਗਏ ਹਨ । ਇਹ ਸੁਣ ਕੇ ਹਾਜ਼ਰਾ ਬੀਬੀ ਨੂੰ ਬਹੁਤ ਸਦਮਾ ਲੱਗਾ ਅਤੇ ਫਿਰ ਹਨੀਫਾ ਅਤੇ ਹਜ਼ਰਾ ਨੇ ਮਿਲਣ ਬਾਰੇ ਸੋਚਿਆ। ਹਾਲਾਂਕਿ ਦੋਵੇਂ ਨੇ ਕਈ ਵਾਰ ਕੋਸ਼ਿਸ਼ ਕੀਤੀ ਪਰ ਸਫਲ ਨਹੀਂ ਹੋਏ। ਅਮਰੀਕਾ ਵਿੱਚ ਰਹਿੰਦੇ ਨਾਸਿਰ ਢਿੱਲੋਂ ਅਤੇ ਪਾਲ ਸਿੰਘ ਗਿੱਲ ਨੇ ਇਨ੍ਹਾਂ ਦੋਵਾਂ ਦੀ ਮੱਕਾ ਜਾਣ ਵਿਚ ਵੀ ਮੱਦਦ ਕੀਤੀ ਅਤੇ ਵਿਛੜਿਆ ਨੂੰ ਮਿਲਾਇਆ . ਇਸ ਦੌਰਾਨ ਹਨੀਫਾ ਅਤੇ ਹਜ਼ਰਾ ਬੀਬੀ ਗਲ਼ੇ ਲੱਗ ਰੋਣ ਲੱਗੀਆਂ . ਇਨ੍ਹਾਂ ਦੋਵਾਂ ਨੂੰ ਦੇਖ ਸਭ ਭਾਵੁਕ ਹੋ ਗਏ

ਨਾਸਿਰ ਢਿੱਲੋਂ 'ਪੰਜਾਬੀ ਲਹਿਰ' ਨਾਂ ਦਾ ਯੂ-ਟਿਊਬ ਚੈਨਲ ਚਲਾਉਂਦੇ ਹਨ। ਨਾਸਿਰ ਢਿੱਲੋਂ ਨੇ ਕਾਬਾ 'ਚ ਹਨੀਫਾ ਅਤੇ ਹਜ਼ਰਾ ਬੀਬੀ ਦੀ ਮੁਲਾਕਾਤ ਦੀ ਵੀਡੀਓ ਬਣਾਈ ਅਤੇ ਇਸ ਮੁਲਾਕਾਤ ਦੀ ਵੀਡੀਓ ਵੀ ਆਪਣੇ ਯੂਟਿਊਬ ਚੈਨਲ 'ਤੇ ਅਪਲੋਡ ਕਰ ਦਿੱਤੀ । ਹਾਜਰਾ ਅਤੇ ਹਨੀਫਾ ਦੇ ਇੰਨੇ ਸਾਲਾਂ ਬਾਅਦ ਮਿਲਣ 'ਤੇ ਖੁਸ਼ੀ ਦੇ ਹੰਝੂ ਨਹੀਂ ਰੁਕੇ । ਉਨ੍ਹਾਂ ਦੱਸਿਆ ਇਨ੍ਹਾਂ ਨੇ ਕਰਤਾਰਪੁਰ ਕੋਰੀਡੋਰ ਰਾਹੀਂ ਵੀ ਮਿਲਣ ਦੀ ਕੋਸ਼ਿਸ਼ ਕੀਤੀ। ਹਾਲਾਂਕਿ ਉਨ੍ਹਾਂ ਨੂੰ ਕਿਸੇ ਕਾਰਨ ਇਸ ਦੀ ਇਜਾਜ਼ਤ ਨਹੀਂ ਮਿਲ ਸਕੀ। ਬਾਅਦ 'ਚ ਹਨੀਫਾ ਨੇ ਹਾਜਰਾ ਬੀਬੀ ਨੂੰ ਮਿਲਣ ਲਈ ਪਾਕਿਸਤਾਨ ਜਾਣ ਦਾ ਵੀ ਸੋਚਿਆ ਅਤੇ ਵੀਜ਼ਾ ਲਈ ਅਪਲਾਈ ਕੀਤਾ ਪਰ ਉਹ ਅਸਫਲ ਰਹੀ ।

ਨਾਸਿਰ ਢਿੱਲੋਂ ਨੇ ਦੱਸਿਆ ਕਿ ਬਹੁਤ ਕੋਸ਼ਿਸ਼ਾਂ ਦੇ ਬਾਵਜੂਦ ਜਦੋਂ ਹਜ਼ਰਾ ਅਤੇ ਹਨੀਫਾ ਦਾ ਪਤਾ ਨਹੀਂ ਲੱਗ ਸਕਿਆ ਤਾਂ ਉਹ ਹਿੰਮਤ ਹਾਰ ਗਏ ਸਨ . ਨਾਸਿਰ ਨੇ ਦੱਸਿਆ ਕਿ ਉਨ੍ਹਾਂ ਨੇ ਆਪਣੇ ਯੂ-ਟਿਊਬ ਚੈਨਲ 'ਤੇ ਹਜ਼ਰਾ ਬੀਬੀ ਦੀ ਵੀਡੀਓ ਅਪਲੋਡ ਕੀਤੀ ਸੀ ਅਤੇ ਉਸ ਰਾਹੀਂ ਉਸ ਨੂੰ ਪਤਾ ਲੱਗਾ ਕਿ ਹਜ਼ਰਾ ਬੀਬੀ ਦਾ ਪਰਿਵਾਰ ਪੰਜਾਬ ਦੇ ਗੁਰਦਾਸਪੁਰ 'ਚ ਰਹਿੰਦਾ ਹੈ। ਇਸ ਤਰ੍ਹਾਂ ਉਹ ਸੰਪਰਕ ਵਿੱਚ ਆਇਆ ਅਤੇ ਦੋਵਾਂ ਦੀ ਮੁਲਾਕਾਤ ਹੋਈ। 1947 ਦੀ ਵੰਡ ਦੌਰਾਨ ਹਜ਼ਰਾ ਬੀਬੀ ਪਾਕਿਸਤਾਨ ਚਲੀ ਗਈ, ਜਦੋਂ ਕਿ ਉਸਦੀ ਛੋਟੀ ਭੈਣ ਮਜੀਦਾ ਨੇ ਭਾਰਤ ਵਿੱਚ ਰਹਿਣ ਦਾ ਫੈਸਲਾ ਕੀਤਾ।

REXDALE BODY SHOP
USED CAR SALE

CHEEMA
LOWEST PRICE IN TOWN
Specialization In:
* All Kinds of Body Work
* Auto Glass Windshield
* Denting, Painting & Welding
SPECIAL PAINT JOB $779
RENTAL CAR PROVIDED

25 years of Canadian Experience
OPEN MON - SAT 9AM TO 7PM
ਅਸੀਂ ਸਾਰੇ ਇੰਸ਼ੋਰੈਂਸ ਕੰਪਨੀ ਨੂੰ ਕਵਰ ਕਰਦੇ ਹਾਂ
Call Rick or Manminder Cheema: 416.749.9596 /416.951.6431
Towing Service Car Paint Starts $799*upto 100% Deductible Paid*
30 Racine Rd. Toronto, ON, M9W 2Z3, FAX: 416.749.9597
www.AAABODYSHOP.ca
mcheemaaaa@hotmail.com

LOCAL & LONG DISTANCE MOVING
H.K. MOVERS
VANCOUVER - CALGARY - EDMONTON - WINNIPEG - TORONTO - OTTAWA - MONTREAL
CANADA'S MOVING COMPANY


WE MOVE COAST TO COAST WITHIN CANADA ,
WE DO INTERNATIONAL SHIPPING AND WE ALSO SHIP CARS
Best Business of 2023 ThreeBest Rated Excellence
Call: 416.524.6704
www.hkmovers.ca
2023 ThreeBest Rated Certificate OF EXCELLENCE THREE BEST RATED
SAFE, RELIABLE AND EFFICIENT SERVICE AT THE BEST RATES

# Dr. Randhawa Dentistry



*Your own dentist who really cares for you*

**We Provide the following Services:**


- Dental Crowns, Veneers & Bridges
- Dental Fillings & Gum Treatment
- Root Canal (RCT), Dentures, Extraction
- Kids Dentistry
- Wisdom Tooth Surgery
- Invisalign (Invisible Braces)
- Digital X-Rays System
- Teeth Cleaning & Whitening
- Cosmetic Dental Treatment

- ਸੀਨੀਅਰ ਡਿਸਕਾਊਂਟ
- ਅਸੀਂ ਤੁਹਾਡੀ ਭਾਸ਼ਾ ਬੋਲਦੇ ਹਾਂ
- ਐਮਰਜੈਂਸੀ ਅਤੇ ਵਾਕ ਇਨ ਸੇਵਾਵਾਂ

**Dr. Samreet Kaur Randhawa**
General Family Dentist

New Patients welcome
Deal Directly with all Insurance Companies

**INVISALIGN & BRACES INCLUDING CLEAR BRACES**
*Invisible Braces ਜਿਹੜੀਆਂ ਕਿ ਦੂਰੋਂ ਨਜਰ ਨਹੀਂ ਆਉਂਦੀਆਂ*
*Show Your Smile More With Invisible Braces!*



**NEW LOCATION**
10 SQUIRE ELLIS DR, UNIT 5-6
BRAMPTON, ON L6P 4K6
(MAJOR INTERSECTION: GORE RD/MAYFIELD)
Tel :905-794-5111

**FIRST LOCATION**
DENTISTRY @ BONNIE BRAES
50 CHESTERWOOD CRES, UNIT 2
BRAMPTON, ON L6Y 0Z4
(OPP. CHRUCHVILLE PUBLIC SCHOOL, JAMES POTTER / BONNIE BRAES INTERSECTION)
Tel : 905-230-9044

Mayfield Rd
Mcvean Dr
DENTISTRY
Squire Ellis Dr
Gore Rd
Countryside Dr



# Grand Upholstery Ltd
## Sofa Company Originality in Every Piece

Special on Sale

- ਪੁਰਾਣੇ ਸੋਫਿਆਂ ਦੀ ਮੁਰੰਮਤ ਵੀ ਕੀਤੀ ਜਾਂਦੀ ਹੈ
- ਟੌਪ ਕੁਆਲਿਟੀ ਦੀ ਫੋਮ ਅਤੇ ਸਪਰਿੰਗ ਵਰਤੇ ਜਾਂਦੇ ਹਨ।
- ਆਪਣੀ ਮਨਪਸੰਦ ਦਾ ਕੋਈ ਵੀ **L Shape** ਡਿਜਾਇਨ ਅਤੇ ਰੰਗ ਚੁਣ ਸਕਦੇ ਹੋ।
- ਕੱਪੜਾ ਚਾੜ ਕੇ ਪੁਰਾਣਾ ਸੋਫਾ, ਡਾਇਨਿੰਗ ਚੇਅਰ ਨੂੰ ਨਵਿਆਂ ਵਰਗਾ ਬਣਾਉਂਦੇ ਹਾਂ

ਆਰਡਰ ਦੇ ਕੇ ਨਵੇਂ ਸੋਫੇ ਦੂਜੇ ਸਟੋਰਾਂ ਨਾਲੋ ਘੱਟ ਕੀਮਤ ਉੱਤੇ ਵੀ ਲੈ ਸਕਦੇ ਹੋ



ਕੁਆਲਿਟੀ ਮੂਹੋਂ ਬੋਲਦੀ ਹੈ

**Tel: 905.791.2888 Cell: 647.293.3212**
2053 Williams Pkwy, Unit -45, Brampton | Email: grandupholstery@gmail.com

**URGENTLY NEED NEW LISTINGS IN BRAMPTON/CALEDON**



visit: www.teamjagaujla.com

ADVERTISEMENT GUARANTEED TILL SOLD

# JAG AUJLA
MCNE, REAL ESTATE BROKER
**416-371-7777**
e-mail: j.aujla@rogers.com or visit: www.jagaujla.com

MCNE

**CALL JAG AUJLA FOR A QUICK & FREE HOME EVALUATION**

www.BramptonTopRealtor.com

**RECENTLY LISTED/SOLD IN YOUR NEIGHBOURHOOD**

**Brampton Ontario (108 Toba Cres)**



ਬਹੁਤ ਹੀ ਵਧੀਆ ਪ੍ਰਾਈਮ ਲੋਕੇਸ਼ਨ ਉਤੇ ਸੋਹਣਾ ਜਿਹਾ ਘਰ, ਹਾਈਵੇ 410 ਦੇ ਬਿਲਕੁਲ ਨਜ਼ਦੀਕ, ਘਰ ਵਿਚ 3 ਬੈਡਰੂਮ ਅਤੇ 4 ਵਾਸ਼ਰੂਮ ਹਨ, ਫਿਨਿਸ਼ਡ ਬੇਸਮੈਂਟ, 1+1 ਕਿਚਨ, ਮੇਨ ਅਤੇ ਦੂਜੀ ਮੰਜ਼ਲ ਦੇ ਫਲੋਰ ਲੈਮੀਨੇਟਡ ਹਨ, ਮਾਸਟਰ ਬੈਡਰੂਮ ਵਿਚ 4 ਪੀਸੀ ਇਨਸੂਟ ਅਤੇ ਵਾਕਿੰਗ ਕਲੋਜ਼ਟ, ਚਾਰਦਿਵਾਰੀ ਦੇ ਨਾਲ ਯਾਰਡ, ਗਰਾਜ ਤੋਂ ਬੈਕਯਾਰਡ ਤੱਕ ਦਰਵਾਜੇ ਦੀ ਇੰਟਰੈਂਸ, ਪਾਰਕ, ਸਕੂਲ ਅਤੇ ਪਲਾਜ਼ਾ ਦੇ ਬਿਲਕੁਲ ਨਜ਼ਦੀਕ ਅਤੇ ਹੋਰ ਵੀ ਬਹੁਤ ਕੁੱਝ।

**Brampton Ontario (30 Gardenbrooke Tr)**



ਖੂਬਸੂਰਤ ਡਿਟੈਚਡ ਘਰ, ਜਿਸ ਵਿਚ 4+2 ਬੈਡਰੂਮ + ਲੌਫਟ + 5 ਵਾਸ਼ਰੂਮ ਹਨ, ਫਿਨਿਸ਼ਡ ਬੇਸਮੈਂਟ ਅਲੱਗ ਇੰਟਰੈਂਸ ਦੇ ਨਾਲ, 1+1 ਕਿਚਨ, ਸਾਰੇ ਬੈਡਰੂਮਜ਼ ਵਿਚ ਲੈਮੀਨੇਟਡ ਫਲੋਰ, ਪ੍ਰਾਇਮਰੀ ਬੈਡਰੂਮ ਵਿਚ 5 ਪੀਸੀ ਇਨਸੂਟ ਅਤੇ ਵਾਕ ਇਨ ਕਲੋਜ਼ਟ, ਦੋ ਮਾਸਟਰ ਬੈਡਰੂਮ, ਪਾਠ/ਪੂਜਾ ਲਈ ਸਥਾਨ, ਚਾਰਦਿਵਾਰੀ ਦੇ ਨਾਲ ਯਾਰਡ, ਸਕੂਲ, ਪਾਰਕ ਅਤੇ ਪਬਲਿਕ ਟਰਾਂਜ਼ਿਟ ਦੇ ਨੇੜੇ ਅਤੇ ਹੋਰ ਵੀ ਬਹੁਤ ਕੁੱਝ।

**FREE**

- Full MLS services
- Consistent marketing until your property is sold
- Competitive rates, exceptional service & award winning results
- Staging consultation
- Billboard, flyer
- Online Promotion
- Professional pictures & virtual tour
- Social media & radio advertisement
- Open house till sold

RE/MAX REALTY SPECIALISTS INC.
Ph:905-456-3232 **Based on units sold & commissions **Some conditions apply
*Seller & Jag Aujla Broker of RE/MAX Realty Specialist Inc. must agree on the terms & conditions, closing date and listing price at the time of listing. Guaranteed program only for peel region homes under $1 million price.

Call: **JAG AUJLA** Dir: **416-371-7777**
MCNE, Real Estate Broker
NOT INTENDED TO SOLICIT BUYERS OR SELLERS CURRENTLY UNDER CONTRACT





FRESH & LARGE VARIETY
Bread, Dairy & Eggs
Branded Foods
Fruits & Vegetables
Beverages & Confectionery
Grocery & Staples
Sweet & Samosas

**SERVING FROM ALL LOCATIONS IN GTA AREA:**

10 Westmore Drive
Etobicoke ON M9V-3Z7
416-740-3262

21 Lacoste Blvd,
Brampton, ON L6P 2K2
905 794-8109

621 Wanless drive, # 122
Brampton ON L7A 0A9
905-495-3336

1075 Ceremonial Drive
Mississauga ON L5R 2Z4
905-502-1600

80 Pertosa Drive
Brampton ON L5X-5E9
905-460-0009

10510 Torbram Road,
Brampton
905-790-0030

2120 North park Drive
Brampton ON L6S 0C9
905-793-1338

10 Pannahill Dr,
Brampton
905 913-8017